HIGH STANDARD NEWS

# ਹਾਈ ਸਟੈਂਡਰਡ ਨਿਊਜ਼

HIGHSTANDARDNEWS

Date 10.06.2024

www.hsnnews.in | PUNPUN/2024/86289 | President:-Shailzadwivedi | Email:info@hsnnews.in

Vol.11 | June 2024 | Published in Punjab | Pages 8


## ਨਵੀਂ ਕੈਬਨਿਟ 'ਚ 11 ਰਾਜ ਸਭਾ ਮੈਂਬਰਾਂ ਨੂੰ ਬਣਾਇਆ ਗਿਆ ਮੰਤਰੀ, ਰਵਨੀਤ ਬਿੱਟੂ ਨੂੰ ਵੀ ਮਿਲੀ ਥਾਂ



ਨਰਿੰਦਰ ਮੋਦੀ ਨੇ ਤੀਜੀ ਵਾਰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕ ਲਈ ਹੈ। ਕੁੱਲ 71 ਮੰਤਰੀਆਂ ਨੂੰ ਅਹੁਦੇ ਦੀ ਸਹੁੰ ਚੁਕਾਈ ਗਈ। ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਐਤਵਾਰ ਨੂੰ ਪ੍ਰਧਾਨ ਮੰਤਰੀ ਮੋਦੀ, 30 ਕੈਬਨਿਟ ਮੰਤਰੀਆਂ, ਸੁਤੰਤਰ ਚਾਰਜ ਵਾਲੇ 5 ਰਾਜ ਮੰਤਰੀਆਂ ਅਤੇ 36 ਰਾਜ ਮੰਤਰੀਆਂ ਨੂੰ ਅਹੁਦੇ ਦੀ ਸਹੁੰ ਚੁਕਾਈ। ਇਸ ਵਾਰ ਲੋਕ ਸਭਾ ਚੋਣਾਂ ਨਾ ਲੜਨ ਵਾਲੇ ਕਈ ਨੇਤਾਵਾਂ ਨੂੰ ਵੀ ਮੰਤਰੀ ਬਣਾਇਆ ਗਿਆ। ਇਹ ਸਾਰੇ ਵੱਖ-ਵੱਖ ਸੂਬਿਆਂ ਤੋਂ ਰਾਜ ਸਭਾ ਮੈਂਬਰ ਹਨ, ਜਿਨ੍ਹਾਂ ਨੂੰ ਮੋਦੀ ਕੈਬਨਿਟ ਵਿਚ ਥਾਂ ਮਿਲੀ। ਦੱਸ ਦੇਈਏ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਨਵੀਂ ਕੈਬਨਿਟ ਵਿਚ 11 ਰਾਜ ਸਭਾ ਮੈਂਬਰਾਂ ਨੂੰ ਸ਼ਾਮਲ ਕੀਤਾ ਗਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਤੀਜੀ ਕੈਬਨਿਟ 'ਚ ਲੋਕ ਸਭਾ ਦੇ 59 ਨਵੇਂ ਚੁਣੇ ਮੈਂਬਰ ਹਨ। ਨਵੇਂ ਰਾਜ ਮੰਤਰੀਆਂ ਵਿਚੋਂ ਰਵਨੀਤ ਸਿੰਘ ਬਿੱਟੂ ਅਤੇ ਜਾਰਜ ਕੁਰੀਅਨ ਨਾ ਤਾਂ ਲੋਕ ਸਭਾ ਦੇ ਮੈਂਬਰ ਹਨ ਅਤੇ ਨਾ ਹੀ ਰਾਜ ਸਭਾ ਦੇ। ਇਨ੍ਹਾਂ ਨੂੰ ਸਹੁੰ ਚੁੱਕਣ ਦੇ 6 ਮਹੀਨੇ ਦੇ ਅੰਦਰ ਸੰਸਦ ਦਾ ਮੈਂਬਰ ਬਣਨਾ ਹੋਵੇਗਾ। ਰਾਜ ਮੰਤਰੀ ਦੇ ਰੂਪ ਵਿਚ ਸ਼ਾਮਲ ਕੀਤੇ ਗਏ ਰਾਜ ਸਭਾ ਮੈਂਬਰਾਂ ਵਿਚ ਰਾਮਦਾਸ ਆਠਵਲੇ, ਰਾਮਨਾਥ ਠਾਕੁਰ, ਬੀ. ਐੱਲ. ਵਰਮਾ, ਐੱਲ. ਮੁਰੂਗਨ, ਸਤੀਸ਼ ਚੰਦਰ ਦੁਬੇ ਅਤੇ ਪਵਿੱਤਰਾ ਮਾਰਗੇਰਿਟਾ ਸ਼ਾਮਲ ਹਨ। ਕੈਬਨਿਟ ਮੰਤਰੀਆਂ ਵਿਚ ਜੋ ਰਾਜ ਸਭਾ ਮੈਂਬਰ ਹਨ- ਉਨ੍ਹਾਂ ਵਿਚ ਜਗਤ ਪ੍ਰਕਾਸ਼ ਨੱਢਾ, ਨਿਰਮਲਾ ਸੀਤਾਰਮਨ, ਐੱਸ. ਜੈਸ਼ੰਕਰ, ਅਸ਼ਵਨੀ ਵੈਸ਼ਣਵ ਅਤੇ ਹਰਦੀਪ ਸਿੰਘ ਪੁਰੀ ਸ਼ਾਮਲ ਹਨ। ਸਰਬਾਨੰਦ ਸੋਨੋਵਾਲ ਅਤੇ ਜੋਤੀਰਾਦਿਤਿਆ ਸਿੰਧੀਆ ਰਾਜ ਸਭਾ ਦੇ ਮੈਂਬਰ ਹਨ ਪਰ ਇਸ ਵਾਰ ਉਹ ਲੋਕ ਸਭਾ ਲਈ ਚੁਣੇ ਗਏ ਹਨ।



## ਤੀਜੀ ਵਾਰ ਲਗਾਤਾਰ PM ਬਣਨ ਦਾ ਖਿਤਾਬ ਮੋਦੀ ਦੇ ਨਾਂ, ਦੇਸ਼ 'ਚ ਨਹਿਰੂ ਤੋਂ ਬਾਅਦ ਬਣੇ ਦੂਜੇ ਅਜਿਹੇ ਨੇਤਾ

ਨਰਿੰਦਰ ਮੋਦੀ ਮੁੜ ਤੋਂ ਪ੍ਰਧਾਨ ਮੰਤਰੀ ਦੀ ਸਹੁੰ ਚੁੱਕਣ ਤੋਂ ਬਾਅਦ ਭਾਰਤ ਦੇ ਦੂਜੇ ਪ੍ਰਧਾਨ ਮੰਤਰੀ ਬਣ ਗਏ ਹਨ, ਜਿਨ੍ਹਾਂ ਨੇ ਲਗਾਤਾਰ ਆਪਣੇ ਤੀਜੇ ਕਾਰਜਕਾਲ 'ਚ ਪ੍ਰਵੇਸ਼ ਕੀਤਾ ਹੈ। ਇਸ ਤੋਂ ਪਹਿਲਾਂ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੇ ਅਜਿਹਾ ਰਿਕਾਰਡ ਬਣਾਇਆ ਸੀ। ਨਰਿੰਦਰ ਮੋਦੀ 2014, 2019 ਅਤੇ 2024 ਦੀਆਂ ਲੋਕ ਸਭਾ ਚੋਣਾਂ ਲਗਾਤਾਰ ਜਿੱਤਣ ਵਿਚ ਸਫਲ ਰਹੇ ਹਨ, ਜਦਕਿ ਜਵਾਹਰ ਲਾਲ ਨਹਿਰੂ ਨੇ 1952, 1957 ਅਤੇ 1962 ਦੀਆਂ ਲੋਕ ਸਭਾ ਚੋਣਾਂ ਜਿੱਤੀਆਂ ਸਨ।ਐਤਵਾਰ ਨੂੰ ਪ੍ਰਧਾਨ ਮੰਤਰੀ ਅਹੁਦੇ ਦੀ ਸਹੁੰ ਚੁੱਕ ਕੇ ਨਰਿੰਦਰ ਮੋਦੀ ਨੇ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦੀ ਬਰਾਬਰੀ ਕਰ ਲਈ ਹੈ ਪਰ ਦੋਵਾਂ ਨੇਤਾਵਾਂ ਵਿਚ ਬਹੁਤ ਵੱਡਾ ਅੰਤਰ ਹੈ ਅਤੇ ਇਸ ਨੂੰ ਸਮਝਣ ਤੋਂ ਪਹਿਲਾਂ ਸਾਨੂੰ ਇਹ ਜਾਣ ਲੈਣਾ ਚਾਹੀਦਾ ਹੈ ਕਿ 2024 ਦੀਆਂ ਆਮ ਚੋਣਾਂ 'ਚ ਲੋਕ ਸਭਾ ਦੀਆਂ 543 ਸੀਟਾਂ 'ਤੇ ਚੋਣਾਂ ਹੋਈਆਂ, ਜਿਸ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪਾਰਟੀ ਭਾਜਪਾ ਨੂੰ 240 ਸੀਟਾਂ ਮਿਲੀਆਂ ਹਨ ਅਤੇ ਉਹ ਆਪਣੇ ਬਲ 'ਤੇ ਬਹੁਮਤ ਦੇ ਅੰਕੜੇ 272 ਤੋਂ ਕਾਫੀ ਪਿੱਛੇ ਰਹੇ।ਜਵਾਹਰ ਲਾਲ ਨਹਿਰੂ ਨੇ ਲਗਾਤਾਰ ਤਿੰਨ ਵਾਰ ਜਿੱਤ ਪ੍ਰਾਪਤ ਕੀਤੀ ਸੀ ਅਤੇ ਤਿੰਨਾਂ ਚੋਣਾਂ 'ਚ ਨਹਿਰੂ ਨੂੰ ਪੂਰਨ ਬਹੁਮਤ ਮਿਲਿਆ ਸੀ। 15 ਅਗਸਤ, 1947 ਨੂੰ ਜਦੋਂ ਦੇਸ਼ ਆਜ਼ਾਦ ਹੋਇਆ ਤਾਂ ਜਵਾਹਰ ਲਾਲ ਨਹਿਰੂ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਬਣੇ ਅਤੇ 27 ਮਈ 1964 ਨੂੰ ਆਪਣੀ ਮੌਤ ਤੱਕ ਇਸ ਅਹੁਦੇ 'ਤੇ ਬਣੇ ਰਹੇ। ਦੇਸ਼ ਦੀਆਂ ਪਹਿਲੀਆਂ ਆਮ ਚੋਣਾਂ 1951-52 'ਚ ਹੋਈਆਂ ਸਨ। ਉਸ ਚੋਣ ਵਿਚ ਨਹਿਰੂ ਦੀ ਅਗਵਾਈ ਵਿਚ ਕਾਂਗਰਸ ਪਾਰਟੀ ਭਾਰੀ ਬਹੁਮਤ ਨਾਲ ਜਿੱਤੀ ਸੀ। ਨਹਿਰੂ ਨੇ ਪਹਿਲੀਆਂ ਆਮ ਚੋਣਾਂ ਵਿਚ ਲੋਕ ਸਭਾ ਦੀਆਂ 489 ਸੀਟਾਂ 'ਚੋਂ 364 ਸੀਟਾਂ ਜਿੱਤੀਆਂ ਸਨ।ਉਥੇ ਹੀ 1957 ਦੀਆਂ ਦੂਜੀਆਂ ਆਮ ਚੋਣਾਂ ਦੀ ਗੱਲ ਕਰੀਏ ਤਾਂ ਨਹਿਰੂ ਦਾ ਦਬਦਬਾ ਪਹਿਲੀਆਂ ਚੋਣਾਂ ਵਾਂਗ ਹੀ ਮਜ਼ਬੂਤ ਸੀ ਅਤੇ ਉਨ੍ਹਾਂ ਦੀ ਅਗਵਾਈ ਵਿਚ ਕਾਂਗਰਸ ਨੇ ਲੋਕ ਸਭਾ ਦੀਆਂ 494 ਸੀਟਾਂ 'ਚੋਂ 371 ਸੀਟਾਂ ਜਿੱਤੀਆਂ ਸਨ। 1962 ਦੀਆਂ ਤੀਜੀਆਂ ਆਮ ਚੋਣਾਂ 'ਚ ਨਹਿਰੂ ਦੀ ਅਗਵਾਈ ਵਿਚ ਕਾਂਗਰਸ ਮੁੜ ਸੱਤਾ 'ਚ ਆਈ। ਨਹਿਰੂ ਨੂੰ ਲੋਕ ਸਭਾ ਦੀਆਂ ਕੁੱਲ 494 ਸੀਟਾਂ 'ਚੋਂ 361 ਸੀਟਾਂ ਮਿਲੀਆਂ। ਹਾਲਾਂਕਿ ਵਿਰੋਧੀ ਧਿਰ ਸੀ. ਪੀ. ਆਈ. 29 ਸੀਟਾਂ ਜਿੱਤ ਕੇ ਦੂਜੇ ਸਥਾਨ 'ਤੇ ਰਹੀ ਅਤੇ ਚੱਕਰਵਰਤੀ ਰਾਜਗੋਪਾਲਾਚਾਰੀ ਦੀ ਆਜ਼ਾਦ ਪਾਰਟੀ 18 ਸੀਟਾਂ ਜਿੱਤ ਕੇ ਤੀਜੇ ਸਥਾਨ 'ਤੇ ਰਹੀ।

## ਜੰਮੂ-ਕਸ਼ਮੀਰ 'ਚ ਬੱਸ 'ਤੇ ਅੱਤਵਾਦੀ ਹਮਲਾ 'ਕਾਇਰਤਾਪੂਰਨ ਕਾਰਵਾਈ': ਰਾਸ਼ਟਰਪਤੀ ਮੁਰਮੂ






ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਜੰਮੂ-ਕਸ਼ਮੀਰ ਵਿਚ ਤੀਰਥ ਯਾਤਰੀਆਂ ਨੂੰ ਲੈ ਕੇ ਜਾ ਰਹੀ ਬੱਸ 'ਤੇ ਐਤਵਾਰ ਨੂੰ ਹੋਏ ਅੱਤਵਾਦੀ ਹਮਲੇ ਨੂੰ 'ਕਾਇਰਤਾਪੂਰਨ ਕਾਰਵਾਈ' ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਦੇਸ਼ ਪੀੜਤ ਪਰਿਵਾਰਾਂ ਨਾਲ ਖੜ੍ਹਾ ਹੈ। ਇਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਜੰਮੂ-ਕਸ਼ਮੀਰ ਦੇ ਰਿਆਸੀ ਜ਼ਿਲ੍ਹੇ 'ਚ ਐਤਵਾਰ ਸ਼ਾਮ ਨੂੰ ਉੱਤਰ ਪ੍ਰਦੇਸ਼ ਤੋਂ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਬੱਸ 'ਤੇ ਅੱਤਵਾਦੀਆਂ ਨੇ ਗੋਲੀਬਾਰੀ ਕੀਤੀ, ਜਿਸ ਕਾਰਨ ਬੱਸ ਖੱਡ 'ਚ ਡਿੱਗ ਗਈ। ਇਸ ਘਟਨਾ 'ਚ 3 ਔਰਤਾਂ ਸਮੇਤ 9 ਲੋਕਾਂ ਦੀ ਮੌਤ ਹੋ ਗਈ ਅਤੇ 33 ਹੋਰ ਜ਼ਖਮੀ ਹੋ ਗਏ। ਰਾਸ਼ਟਰਪਤੀ ਮੁਰਮੂ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇਕ ਪੋਸਟ 'ਚ ਕਿਹਾ ਕਿ ਮੈਂ ਜੰਮੂ-ਕਸ਼ਮੀਰ ਦੇ ਰਿਆਸੀ ਜ਼ਿਲ੍ਹੇ 'ਚ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਬੱਸ 'ਤੇ ਹੋਏ ਅੱਤਵਾਦੀ ਹਮਲੇ ਤੋਂ ਦੁਖੀ ਹਾਂ। ਇਹ 'ਕਾਇਰਤਾਪੂਰਨ ਕਾਰਵਾਈ' ਮਨੁੱਖਤਾ ਵਿਰੁੱਧ ਅਪਰਾਧ ਹੈ ਅਤੇ ਇਸ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਜਾਣੀ ਚਾਹੀਦੀ ਹੈ। ਪੂਰਾ ਦੇਸ਼ ਪੀੜਤ ਪਰਿਵਾਰਾਂ ਦੇ ਨਾਲ ਖੜ੍ਹਾ ਹੈ। ਮੈਂ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਪ੍ਰਾਰਥਨਾ ਕਰਦੀ ਹਾਂ।

## ਮ੍ਰਿਤਕਾਂ ਦੇ ਪਰਿਵਾਰਾਂ ਨੂੰ 10-10 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਦੇਣ ਦਾ ਐਲਾਨ




ਜੰਮੂ ਕਸ਼ਮੀਰ ਦੇ ਉੱਪ ਰਾਜਪਾਲ ਮਨੋਜ ਸਿਨਹਾ ਨੇ ਰਿਆਸੀ ਜ਼ਿਲ੍ਹੇ 'ਚ ਬੱਸ 'ਤੇ ਹੋਏ ਅੱਤਵਾਦੀ ਹਮਲੇ 'ਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨੂੰ 10-10 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਦਿੱਤੇ ਜਾਣ ਦਾ ਐਲਾਨ ਕੀਤਾ। ਇਕ ਅਧਿਕਾਰਤ ਬੁਲਾਰੇ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਬੁਲਾਰੇ ਨੇ ਦੱਸਿਆ ਕਿ ਸਿਨਹਾ ਨੇ ਜ਼ਖ਼ਮੀਆਂ ਨੂੰ ਵੀ 50-50 ਹਜ਼ਾਰ ਰੁਪਏ ਦੀ ਮੁਆਵਜ਼ਾ ਰਾਸ਼ੀ ਦੇਣ ਦਾ ਐਲਾਨ ਕੀਤਾ। ਜੰਮੂ ਕਸ਼ਮੀਰ ਦੇ ਰਿਆਸੀ ਜ਼ਿਲ੍ਹੇ 'ਚ ਐਤਵਾਰ ਨੂੰ ਅੱਤਵਾਦੀਆਂ ਨੇ ਤੀਰਥਯਾਤਰੀਆਂ ਦੀ ਇਕ ਬੱਸ 'ਤੇ ਗੋਲੀਬਾਰੀ ਕੀਤੀ, ਜਿਸ ਨਾਲ 10 ਲੋਕਾਂ ਦੀ ਮੌਤ ਹੋ ਗਈ ਅਤੇ 40 ਹੋਰ ਜ਼ਖ਼ਮੀ ਹੋ ਗਏ।ਬੱਸ ਸ਼ਿਵ ਖੋੜੀ ਮੰਰ ਤੋਂ ਕੱਟੜਾ ਸਥਿਤ ਮਾਤਾ ਵੈਸ਼ਣੋ ਦੇਵੀ ਮੰਦਰ ਜਾ ਰਹੀ ਸੀ ਅਤੇ ਇਸੇ ਦੌਰਾਨ ਪੋਨੀ ਇਲਾਕੇ ਦੇ ਤੇਰਯਾਥ ਪਿੰਡ ਕੋਲ ਹਮਲਾ ਕੀਤਾ ਗਿ ਅਤੇ 53 ਸੀਟ ਵਾਲੀ ਬੱਸ ਗੋਲੀਬਾਰੀ ਤੋਂ ਬਾਅਦ ਡੂੰਘੀ ਖੱਡ 'ਚ ਡਿੱਗ ਗਈ। ਬੁਲਾਰੇ ਨੇ ਦੱਸਿਆ ਕਿ ਪ੍ਰਭਾਵਿਤ ਲੋਕਾਂ ਨੂੰ ਸਾਰੀ ਜ਼ਰੂਰੀ ਮਦਦ ਪ੍ਰਦਾਨ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਇਕ ਕੰਟਰੋਲ ਰੂਮ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਅੱਤਵਾਦੀ ਹਮਲੇ ਲਈ ਜ਼ਿੰਮੇਵਾਰੀ ਅਪਰਾਧੀਆਂ ਨੂੰ ਫੜਨ ਲਈ ਕੋਸ਼ਿਸ਼ ਜਾਰੀ ਹੈ।

## ਮੁੰਬਈ ਹਵਾਈ ਅੱਡੇ 'ਤੇ ਇਕ ਹੀ ਰਨਵੇਅ 'ਤੇ ਆ ਗਏ 2 ਜਹਾਜ਼, ਵੱਡਾ ਹਾਦਸਾ ਟਲਿਆ

ਨਵੀਂ ਦਿੱਲੀ- ਮੁੰਬਈ ਹਵਾਈ ਅੱਡੇ 'ਤੇ ਸ਼ਨੀਵਾਰ ਨੂੰ ਉਸ ਸਮੇਂ ਇਕ ਵੱਡਾ ਹਾਦਸਾ ਹੁੰਦੇ-ਹੁੰਦੇ ਟਲ ਗਿਆ ਜਦੋਂ ਏਅਰਲਾਈਨ ਇੰਡੀਗੋ ਦੇ ਜਹਾਜ਼ ਦੇ ਉਤਰਦੇ ਸਮੇਂ ਹੀ ਏਅਰ ਇੰਡੀਆ ਦਾ ਇਕ ਜਹਾਜ਼ ਉਸੇ ਹਵਾਈ ਪੱਟੀ (ਰਨਵੇਅ) ਤੋਂ ਉਡਾਣ ਭਰਨ ਲੱਗਾ। ਅਧਿਕਾਰੀਆਂ ਨੇ ਐਤਵਾਰ ਨੂੰ ਕਿਹਾ ਕਿ ਮਾਮਲੇ ਦੀ ਜਾਂਚ ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਐਵੀਏਸ਼ਨ (ਡੀ.ਜੀ.ਸੀ.ਏ.) ਦੇ ਨਾਲ-ਨਾਲ ਇੰਡੀਗੋ ਅਤੇ ਏਅਰ ਇੰਡੀਆ ਵੀ ਕਰ ਰਹੇ ਹਨ। ਜਾਣਕਾਰੀ ਅਨੁਸਾਰ ਇੰਡੀਗੋ ਜਹਾਜ਼ ਦੇ ਉੱਤਰਨ ਤੋਂ ਇਕ ਮਿੰਟ ਤੋਂ ਵੀ ਘੱਟ ਸਮੇਂ 'ਚ ਏਅਰ ਇੰਡੀਆ ਦਾ ਇਕ ਜਹਾਜ਼ ਉਸੇ ਹਵਾਈ ਪੱਟੀ ਤੋਂ ਉਡਾਣ ਭਰਨ ਲੱਗਾ। ਅਧਿਕਾਰੀਆਂ ਨੇ ਐਤਵਾਰ ਨੂੰ ਕਿਹਾ ਕਿ ਡੀ. ਜੀ. ਸੀ. ਏ. ਨੇ ਘਟਨਾ ਦੇ ਸਮੇਂ ਡਿਊਟੀ 'ਤੇ ਮੌਜੂਦ ਏਅਰ ਟ੍ਰੈਫਿਕ ਕੰਟਰੋਲਰ (ਏ. ਟੀ. ਸੀ.) ਨੂੰ ਮੁਅੱਤਲ ਕਰ ਦਿੱਤਾ ਹੈ, ਜਦੋਂ ਕਿ ਇੰਡੀਗੋ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਕ ਹੀ ਰਨਵੇਅ 'ਤੇ ਇਕ ਜਹਾਜ਼ ਦੇ ਉੱਤਰਨ ਅਤੇ ਦੂਜੇ ਜਹਾਜ਼ ਦੇ ਉਡਾਣ ਭਰਨ ਦੀ ਕਥਿਤ ਵੀਡੀਓ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਗਈ ਹੈ। ਡੀ. ਜੀ. ਸੀ. ਏ. ਦੇ ਇਕ ਅਧਿਕਾਰੀ ਨੇ ਕਿਹਾ, "ਅਸੀ ਜਾਂਚ ਕਰ ਰਹੇ ਹਾਂ ਅਤੇ ਘਟਨਾ 'ਚ ਸ਼ਾਮਿਲ ਏ. ਟੀ. ਸੀ. ਓ. ਨੂੰ ਪਹਿਲਾਂ ਹੀ ਡਿਊਟੀ ਤੋਂ ਹਟਾ ਦਿੱਤਾ ਗਿਆ ਹੈ।"



## ਪੰਜਾਬ ਤੋਂ ਕਿਸਾਨ ਮੁੜ ਸ਼ੰਭੂ ਬਾਰਡਰ ਲਈ ਹੋਣਗੇ ਰਵਾਨਾ, ਮੰਗਾਂ ਨਾ ਪੂਰੀਆਂ ਹੋਣ ਤੱਕ ਧਰਨਾ ਰਹੇਗਾ ਜਾਰੀ

ਪੰਜਾਬ ਦੇ ਜਲੰਧਰ ਕਸਬੇ ਸ਼ਾਹਕੋਟ ਵਿੱਚ ਕਿਸਾਨਾਂ ਦੀ ਹੋਈ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਉਹ 20 ਜੂਨ ਨੂੰ ਸ਼ੰਭੂ ਬਾਰਡਰ ਲਈ ਰਵਾਨਾ ਹੋਣਗੇ। ਕਿਸਾਨ ਆਗੂ ਜਸਬੀਰ ਸਿੰਘ ਪਿੱਦੀ ਨੇ ਦੱਸਿਆ- ਸ਼ਾਹਕੋਟ ਦੇ ਗੁਰਦੁਆਰਾ ਸਾਹਿਬ ਵਿੱਚ ਮੀਟਿੰਗ ਹੋਈ। ਮੀਟਿੰਗ ਵਿੱਚ ਮੁੱਖ ਤੌਰ 'ਤੇ ਲੋਕਾਂ ਵੱਲੋਂ ਦਿੱਤੇ ਫੰਡਾਂ ਦੀ ਵਰਤੋਂ ਅਤੇ ਭਵਿੱਖ ਦੀ ਰਣਨੀਤੀ ਬਾਰੇ ਚਰਚਾ ਕੀਤੀ ਗਈ। ਜਸਬੀਰ ਸਿੰਘ ਪਿੱਦੀ ਨੇ ਕਿਹਾ- ਸ਼ੰਭੂ ਸਰਹੱਦ 'ਤੇ ਚੱਲ ਰਹੇ ਕਿਸਾਨਾਂ ਦੇ ਧਰਨੇ ਨੂੰ ਹੋਰ ਮਜ਼ਬੂਤ ਕਰਨ ਦੀਆਂ ਤਿਆਰੀਆਂ ਨੂੰ ਲੈ ਕੇ ਵੀ ਗੱਲਬਾਤ ਹੋਈ। ਪਿੱਦੀ ਨੇ ਕਿਹਾ- 20 ਜੂਨ ਨੂੰ ਫਿਰ ਤੋਂ ਜਲੰਧਰ ਅਤੇ ਆਸਪਾਸ ਦੇ ਜ਼ਿਲ੍ਹਿਆਂ ਤੋਂ ਵੱਖ-ਵੱਖ ਜਥੇ ਸ਼ੰਭੂ ਬਾਰਡਰ ਲਈ ਰਵਾਨਾ ਹੋਣਗੇ। ਤਾਂ ਜੋ ਉਕਤ ਹੜਤਾਲ ਨੂੰ ਹੋਰ ਬਲ ਮਿਲ ਸਕੇ। ਇਹ ਧਰਨਾ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਕੇਂਦਰ ਸਰਕਾਰ ਸਾਡੇ ਵਿਚਾਰ ਨਹੀਂ ਮੰਨਦੀ। ਕਿਸਾਨ ਆਗੂ ਸਲਵਿੰਦਰ ਸਿੰਘ ਨੇ ਕਿਹਾ ਕਿ ਸ਼ੰਭੂ ਸਰਹੱਦ 'ਤੇ ਸਾਂਝੇ ਧਰਨੇ ਨੂੰ ਲਗਪਗ ਚਾਰ ਮਹੀਨੇ ਬੀਤ ਚੁੱਕੇ ਹਨ ਅਤੇ ਕਿਸਾਨ ਹਰ ਤਰ੍ਹਾਂ ਦੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਦੇ ਹੋਏ ਇਸ ਧਰਨੇ ਨੂੰ ਬੜੀ ਹੀ ਸੁਚੱਜੇ ਢੰਗ ਨਾਲ ਨਿਭਾ ਰਹੇ ਹਨ | ਸਾਰੇ ਜ਼ਿਲ੍ਹਿਆਂ ਵਿੱਚ ਮੁੱਖ ਤੌਰ 'ਤੇ ਫ਼ਸਲਾਂ ਅਤੇ ਝੋਨੇ ਦੀ ਕਟਾਈ ਨੂੰ ਧਿਆਨ ਵਿੱਚ ਰੱਖਦਿਆਂ ਵਿਅੰਜਨ ਬੰਦੀ ਦਾ ਆਯੋਜਨ ਕੀਤਾ ਜਾ ਰਿਹਾ ਹੈ। ਤਾਂ ਜੋ ਫਰੰਟ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ।





# ਪੰਜਾਬ ਪੁਲਸ ਦੀ ਵੱਡੀ ਸਫ਼ਲਤਾ, ਗੈਂਗਸਟਰ ਲੰਡਾ ਗਰੁੱਪ ਦੇ 3 ਸਾਥੀ ਗ੍ਰਿਫ਼ਤਾਰ

ਪੰਜਾਬ ਪੁਲਸ ਨੇ ਜਬਰੀ ਵਸੂਲੀ ਦਾ ਮਾਮਲਾ ਸੁਲਝਾਉਂਦੇ ਹੋਏ ਵੱਡੀ ਸਫ਼ਲਤਾ ਹਾਸਲ ਕੀਤੀ ਹੈ। ਦਰਅਸਲ ਜਲੰਧਰ ਕਮਿਸ਼ਨਰੇਟ ਪੁਲਸ ਨੇ ਜਬਰੀ ਵਸੂਲੀ ਦੇ ਮਾਮਲੇ ਵਿਚ ਕੈਨੇਡਾ ਸਥਿਤ ਲਖਬੀਰ ਸਿੰਘ ਲੰਡਾ ਗਰੁੱਪ ਨਾਲ ਜੁੜੇ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਉਕਤ ਨੌਜਵਾਨ ਵਿਦੇਸ਼ਾਂ ਤੋਂ ਨੈੱਟਵਰਕ ਚਲਾਉਂਦੇ ਹਨ। ਉਕਤ ਮੁਲਜ਼ਮ ਲੈਦਰ ਕੰਪਲੈਕਸ ਸਥਿਤ ਇੰਟਰਨੈਸ਼ਨਲ ਸਪੋਰਟਸ ਫੈਕਟਰੀ ਵਿੱਚ ਗੋਲ਼ੀਆਂ ਚਲਾਉਣ ਦੇ ਮਾਮਲੇ ਵਿਚ ਲੋੜੀਂਦੇ ਸਨ। ਦੱਸ ਦੇਈਏ ਕਿ ਲੰਡਾ ਨੇ ਫੈਕਟਰੀ ਮਾਲਕ ਤੋਂ 5 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ, ਜਿਸ ਕਾਰਨ ਮੰਗਲਵਾਰ ਤੜਕੇ ਫੈਕਟਰੀ 'ਤੇ ਗੋਲ਼ੀਆਂ ਚਲਾਈਆਂ ਗਈਆਂ। ਸੀ. ਆਈ. ਏ. ਸਟਾਫ਼ ਨੇ ਸੀ. ਸੀ. ਟੀ. ਵੀ. ਫੁਟੇਜ ਅਤੇ ਮਨੁੱਖੀ ਸਰੋਤਾਂ ਰਾਹੀਂ ਮਾਮਲੇ ਨੂੰ ਟਰੇਸ ਕਰਦਿਆਂ ਤਿੰਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਅਪਰਾਧ ਵਿੱਚ ਵਰਤੇ ਗਏ ਹਥਿਆਰ ਵੀ ਬਰਾਮਦ ਕੀਤੇ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ 35 ਅਪਰਾਧਕ ਮਾਮਲਿਆਂ ਵਿਚ ਸ਼ਾਮਲ ਦੱਸੇ ਜਾ ਰਹੇ ਹਨ। ਪੁਲਸ ਵੱਲੋਂ ਯੂ.ਏ.ਪੀ.ਏ. ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।



ELECTION COMMISSION OF INDIA
Nirvachan Sadan, Ashoka Road, New Delhi-110001

No.ECI/PN/120/2024 Dated: 10th June, 2024

PRESS NOTE

Subject: Schedule for bye-election to 13 Assemblies Constituencies of 7 States – reg.

***

The Commission has decided to hold bye-elections to fill vacancies in the following Assembly Constituencies:

| Sl. No. | Name of State | Assembly Constituency No. & Name | Reason for Vacancy |
|---|---|---|---|
| 01. | Bihar | 60-Rupauli | Resignation of Smt. Bima Bharti |
| 02. | West Bengal | 35-Raiganj | Resignation of Shri Krishna Kalyani |
| 03. | | 90-Ranaghat Dakshin (SC) | Resignation of Dr. Mukut Mani Adhikari |
| 04. | | 94-Bagda (SC) | Resignation of Shri Biswajit Das |
| 05. | | 167-Maniktala | Death of Shri Sadhan Pandey |
| 06. | Tamil Nadu | 75-Vikravandi | Death of Thiru. N. Pugazhenthi |
| 07. | Madhya Pradesh | 123-Amarwara (ST) | Resignation of Shri Kamlesh Pratap Shah |
| 08. | Uttrakhand | 04-Badrinath | Resignation of Shri Rajendra Singh Bhandari |
| 09 | | 33-Manglaur | Death of Shri Sarwat Karim Ansari |
| 10 | Punjab | 34-Jalandhar West (SC) | Resignation of Shri Sheetal Angural |
| 11 | Himachal Pradesh | 10-Dehra | Resignation of Shri Hoshyar Singh |
| 12 | | 38-Hamirpur | Resignation of Shri Ashish Sharma |
| 13 | | 51-Nalagarh | Resignation of Shri K.L. Thakur |

# ਚੋਣ ਕਮਿਸ਼ਨ ਨੇ 7 ਸੂਬਿਆਂ ਦੀਆਂ 13 ਵਿਧਾਨ ਸਭਾ ਸੀਟਾਂ ਤੇ ਜ਼ਿਮਨੀ ਚੋਣਾਂ ਦਾ ਕੀਤਾ ਐਲਾਨ

ਭਾਰਤ ਦੇ ਚੋਣ ਕਮਿਸ਼ਨ ਨੇ ਬਿਹਾਰ, ਪੱਛਮੀ ਬੰਗਾਲ, ਤਾਮਿਲਨਾਡੂ, ਮੱਧ ਪ੍ਰਦੇਸ਼, ਉੱਤਰਾਖੰਡ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ 13 ਵਿਧਾਨ ਸਭਾ ਹਲਕਿਆਂ ਵਿਚ ਖਾਲੀ ਅਸਾਮੀਆਂ ਨੂੰ ਭਰਨ ਲਈ ਉਪ ਚੋਣਾਂ ਯਾਨੀ ਕਿ ਜ਼ਿਮਨੀ ਚੋਣਾਂ ਕਰਵਾਉਣ ਦਾ ਫੈਸਲਾ ਕੀਤਾ ਹੈ। 10 ਜੁਲਾਈ ਨੂੰ ਵੋਟਾਂ ਪੈਣਗੀਆਂ ਅਤੇ 13 ਜੁਲਾਈ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਭਾਰਤੀ ਚੋਣ ਕਮਿਸ਼ਨ ਨੇ ਚੋਣਾਂ ਨੂੰ ਲੈ ਕੇ ਇਕ ਐਲਾਨ ਕੀਤਾ ਹੈ।

# ਗਰਮੀ ਕਢਾਏਗੀ ਹੋਰ ਵਟ, ਮੌਸਮ ਵਿਭਾਗ ਵੱਲੋਂ 'ਯੈਲੋ ਅਲਰਟ' ਜਾਰੀ, ਜਾਣੋ ਅਗਲੇ ਦਿਨਾਂ ਦਾ ਹਾਲ







ਮੀਂਹ ਪੈਣ ਤੋਂ ਬਾਅਦ ਮੌਸਮ ’ਚ ਹੋਏ ਬਦਲਾਅ ਕਾਰਨ ਗਰਮੀ ਤੋਂ ਰਾਹਤ ਮਿਲਣ ਦਾ ਜੋ ਸਿਲਸਿਲਾ ਸ਼ੁਰੂ ਹੋਇਆ ਸੀ ਉਹ ਹੁਣ ਖ਼ਤਮ ਹੋ ਚੁੱਕਾ ਹੈ। ਗਰਮੀ ਨੇ ਫਿਰ ਤੋਂ ਦਸਤਕ ਦੇ ਦਿੱਤੀ ਹੈ, ਜਿਸ ਨਾਲ ਤਾਪਮਾਨ ਤੇਜ਼ੀ ਨਾਲ ਵਧਦਾ ਜਾ ਰਿਹਾ ਹੈ। ਇਸ ਕ੍ਰਮ ’ਚ ਆਉਣ ਵਾਲੇ 2-3 ਦਿਨਾਂ ’ਚ ਭਿਆਨਕ ਗਰਮੀ ਦਾ ਕਹਿਰ ਵੇਖਣ ਨੂੰ ਮਿਲੇਗਾ। ਇਸ ਲਈ ਮੌਸਮ ਵਿਭਾਗ ਵੱਲੋਂ ਯੈਲੋ ਅਲਰਟ ਵੀ ਜਾਰੀ ਕਰ ਦਿੱਤਾ ਗਿਆ ਹੈ।

ਅੱਜ ਵੱਧ ਤੋਂ ਵੱਧ ਤਾਪਮਾਨ 40 ਡਿਗਰੀ ਦੇ ਕੋਲ ਪਹੁੰਚ ਗਿਆ, ਜਿਸ ਕਾਰਨ ਗਰਮੀ ਦਾ ਅਸਰ ਸਾਫ਼ ਤੌਰ ’ਤੇ ਵੇਖਣ ਨੂੰ ਮਿਲਿਆ। ਮੌਸਮ ਮਾਹਿਰਾਂ ਮੁਤਾਬਕ ਐਤਵਾਰ ਵਧੇਰੇ ਬਾਜ਼ਾਰ ਵੀ ਬੰਦ ਹੁੰਦੇ ਹਨ, ਜਿਸ ਕਾਰਨ ਹੀਟ ਘੱਟ ਰਹਿੰਦੀ ਹੈ। ਸੋਮਵਾਰ ਤੋਂ ਵਰਕਿੰਗ ਡੇਅ ਵੀ ਸ਼ੁਰੂ ਹੋ ਜਾਣਗੇ, ਜਿਸ ਕਾਰਨ ਗਰਮੀ ਦਾ ਪ੍ਰਭਾਵ ਵਧੇਗਾ। ਉਥੇ, ਬੱਦਲ ਬਣਨ ਨਾਲ ਜੋ ਰਾਹਤ ਮਿਲੀ ਸੀ ਉਹ ਵੀ ਖ਼ਤਮ ਹੋ ਜਾਵੇਗੀ, ਕਿਉਂਕਿ ਅਗਲੇ ਕੁਝ ਦਿਨਾਂ ਤਕ ਆਸਮਾਨ ਸਾਫ਼ ਰਹੇਗਾ, ਜਿਸ ਨਾਲ ਧੁੱਪ ਦਾ ਸਿੱਧਾ ਪ੍ਰਭਾਵ ਦੇਖਣ ਨੂੰ ਮਿਲੇਗਾ।

ਮੌਸਮ ਸਬੰਧਤ ਜੋ ਸੰਭਾਵਨਾ ਬਣ ਰਹੀ ਹੈ ਉਸ ਮੁਤਾਬਕ ਮਹਾਨਗਰ ਜਲੰਧਰ ’ਚ 2 ਦਿਨਾਂ ’ਚ ਵੱਧ ਤਾਪਮਾਨ 44 ਡਿਗਰੀ ਤਕ ਪਹੁੰਚ ਜਾਵੇਗਾ, ਜਦਕਿ ਘੱਟੋ-ਘੱਟ ਤਾਪਮਾਨ ਵੀ 27-28 ਡਿਗਰੀ ਦੇ ਪਾਰ ਪਹੁੰਚਣ ਵਾਲਾ ਹੈ। ਇਸ ਕਾਰਨ ਗਰਮੀ ਦੇ ਕਹਿਰ ਦਾ ਸਾਹਮਣਾ ਕਰਨਾ ਪਵੇਗਾ।ਬੀਤੇ ਰੋਜ਼ ਦੇ ਮੁਕਾਬਲੇ ਐਤਵਾਰ ਦੇ ਘੱਟੋ-ਘੱਟ ਤਾਪਮਾਨ ’ਚ ਸਿਰਫ਼ 0.8 ਡਿਗਰੀ ਦਾ ਵਾਧਾ ਦਰਜ ਹੋਇਆ, ਜੋਕਿ ਮਾਮੂਲੀ ਸਮਝਿਆ ਜਾਂਦਾ ਹੈ। ਉਥੇ ਘੱਟੋਂ-ਘੱਟ ਅੱਜ 25 ਡਿਗਰੀ ਦੇ ਕਰੀਬ ਰਿਕਾਰਡ ਹੋਇਆ ਹੈ। ਇਸੇ ਕ੍ਰਮ ’ਚ ਆਉਣ ਵਾਲੇ ਦਿਨਾਂ ’ਚ ਤਾਪਮਾਨ ’ਚ ਭਾਰੀ ਉਛਾਲ ਵੇਖਣ ਨੂੰ ਮਿਲੇਗਾ, 10 ਜੂਨ ਨੂੰ ਵਧੇਰੇ ਤਾਪਮਾਨ 40 ਡਿਗਰੀ ਨੂੰ ਪਾਰ ਕਰਦੇ ਹੋਏ 41 ਦੇ ਲਗਭਗ ਪਹੁੰਚ ਜਾਏਗਾ। ਅਗਲੇ ਕੁਝ ਦਿਨਾਂ ਦੇ ਬਾਰੇ ’ਚ ਸੰਭਾਵਿਤ ਜੋ ਜਾਣਕਾਰੀ ਜੁਟਾਈ ਗਈ, ਉਸ ਮੁਤਾਬਕ 11 ਜੂਨ ਨੂੰ ਘੱਟੋਂ-ਘੱਟ ਤਾਪਮਾਨ 28 ਡਿਗਰੀ ਜਦੋਂ ਵਧੇਰੇ 43 ਡਿਗਰੀ ਹੋਵੇਗਾ। ਇਸੇ ਤਰ੍ਹਾਂ 12-13 ਜੂਨ ਨੂੰ ਘੱਟੋਂ ਘੱਟ ਤਾਪਮਾਨ ’ਚ ਕੋਈ ਵਾਧਾ ਨਹੀਂ ਹੋਵੇਗਾ ਜਦਕਿ ਵੱਧ ਤੋਂ ਵੱਧ ਤਾਪਮਾਨ 44 ਡਿਗਰੀ ’ਤੇ ਪਹੁੰਚ ਸਕਦਾ ਹੈ। ਗਰਮੀ ਦੇ ਪ੍ਰਭਾਵ ਤੋਂ ਬਚ ਕੇ ਰਹਿਣ ਦੀ ਲੋੜ ਹੈ, ਕਿਉਂਕਿ ਗਰਮੀ ਦੇ ਵਧਦੇ ਪ੍ਰਭਾਵ ’ਚ ਕਈ ਤਰ੍ਹਾਂ ਦੀਆਂ ਦਿੱਕਤਾਂ ਸ਼ੁਰੂ ਹੋ ਜਾਂਦੀਆਂ ਹਨ। ਇਸੇ ਕ੍ਰਮ ’ਚ ਸ਼ਹਿਰ ਦੀ ਵਧੇਰੇ ਸੜਕਾਂ ਖ਼ਾਲੀ ਵੇਖਣ ਨੂੰ ਮਿਲੀਆਂ। ਸ਼ਾਮ 7 ਵਜੇ ਤਕ ਰੁਟੀਨ ਮੁਤਾਬਕ ਆਉਣ ਵਾਲੇ 20 ਫ਼ੀਸਦੀ ਨੇੜੇ ਨਜ਼ਰ ਆ ਰਿਹਾ ਸੀ। ਚੌਪਾਟੀ ਆਦਿ ’ਚ ਵਧੇਰੇ ਲੋਕ ਵੇਖਣ ਨੂੰ ਨਹੀਂ ਮਿਲੇ। ਹੁਣ ਤਾਪਮਾਨ ਵਧਣ ਨਾਲ ਉਲਟ ਪ੍ਰਭਾਵ ਵੇਖਣ ਨੂੰ ਮਿਲਣਗੇ।ਮਾਹਿਰਾਂ ਦਾ ਕਹਿਣਾ ਹੈ ਕਿ ਕੁਝ ਲੋਕ ਏ. ਸੀ. ਨੂੰ ਬਹੁਤ ਘੱਟ (20 ਡਿਗਰੀ) ਦੇ ਆਲੇ-ਦੁਆਲੇ ਚਲਾਉਂਦੇ ਹਨ, ਜਦਕਿ ਕਈ ਲੋਕ 26 ਡਿਗਰੀ ’ਤੇ ਏ. ਸੀ. ਦੀ ਵਰਤੋਂ ਕਰਦੇ ਵੇਖੇ ਜਾਂਦੇ ਹਨ। ਆਮ ਤੌਰ ’ਤੇ 24-26 ’ਤੇ ਏ. ਸੀ. ਚਲਾਉਣ ਨਾਲ ਗਰਮੀ ਦਾ ਅਸਰ ਖ਼ਤਮ ਹੋ ਜਾਂਦਾ ਹੈ ਅਤੇ ਮੌਸਮ ਨਾਰਮਲ ਹੋ ਜਾਂਦਾ ਹੈ। ਸਾਡੀ ਬਾਡੀ ਨੂੰ 26 ਡਿਗਰੀ ਦੇ ਤਾਪਮਾਨ ’ਚ ਸੁਖਦ ਅਹਿਸਾਸ ਹੋਣ ਲੱਗਦਾ ਹੈ ਅਤੇ ਗਰਮੀ ਨਹੀਂ ਲੱਗਦੀ। ਇਹੀ ਕਾਰਨ ਹੈ ਕਿ ਏ. ਸੀ. ’ਚ 26 ਡਿਗਰੀ ਅਤੇ ਉਸ ਤੋਂ ਉਪਰ ਦਾ ਤਾਪਮਾਨ ਅਨੁਕੂਲ ਸਿਸਟਮ (ਥਰਮੋਸਟੇਟ) ਲਾਇਆ ਗਿਆ ਹੈ। ਹੁਣ ਘੱਟੋਂ-ਘੱਟ 28 ਡਿਗਰੀ ਅਤੇ ਇਸ ਤੋਂ ਉਪਰ ਜਾਣ ਦੀ ਸੰਭਾਵਨਾ ਦੱਸੀ ਗਈ ਹੈ, ਜਿਸ ਨਾਲ ਏ. ਸੀ. ਦੀ ਖ਼ਪਤ ਵਧਣ ਲੱਗੇਗੀ। ਮਾਹਿਰਾਂ ਦਾ ਮੰਨਣਾ ਹੈ ਕਿ ਆਮ ਤੌਰ ’ਤੇ ਰਾਤ ਨੂੰ ਤਾਪਮਾਨ ਘੱਟ ਹੋਣ ’ਤੇ ਚੱਲਦੇ 24 ਤੋਂ 26 ’ਚ ਏ. ਸੀ. ਚਲਾਉਣ ਨਾਲ ਬਿਜਲੀ ਦੀ ਖ਼ਪਤ ’ਚ ਕਮੀ ਆਉਂਦੀ ਹੈ। ਹੁਣ ਘੱਟੋਂ-ਘੱਟ ਤਾਪਮਾਨ ਵਧੇਗਾ, ਜਿਸ ਕਾਰਨ ਏ. ਸੀ. ਦੇਰੀ ਨਾਲ ਟ੍ਰਿਪ ਹੋਵੇਗਾ, ਉਥੇ ਲੋਕਾਂ ਨੂੰ ਏ. ਸੀ. ਘੱਟ ਡਿਗਰੀ ’ਤੇ ਚਲਾਉਣਾ ਹੋਵੇਗਾ। ਇਸ ’ਚ ਏ. ਸੀ. ਰਾਹੀਂ ਹੋਣ ਵਾਲੇ ਬਿਜਲੀ ਦੀ ਖ਼ਪਤ ’ਚ ਵਾਧਾ ਵੇਖਣ ਨੂੰ ਮਿਲੇਗਾ।

# ਪਿੰਡ ਨਰੰਗਪੁਰ 'ਚ ਛਾਇਆ ਮਾਤਮ, ਅਮਰੀਕਾ 'ਚ ਭਰਾ ਦਾ ਗੋਲ਼ੀਆਂ ਮਾਰ ਕੇ ਕਤਲ ਕਰਨ ਪਿੱਛੋਂ ਕੀਤੀ ਖ਼ੁਦਕੁਸ਼ੀ



ਅਮਰੀਕਾ ਤੋਂ ਬੇਹੱਦ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਅਮਰੀਕਾ ਦੇ ਰਿਚਮੰਡ ਹਿੱਲ, ਕੁਈਨਜ਼ 95ਵੇਂ ਐਵੇਨਿਊ ਵਿਖੇ ਰਹਿੰਦੇ ਪਿੰਡ ਨਰੰਗਪੁਰ (ਬੇਗੋਵਾਲ) ਵਾਸੀ ਇਕ ਪਰਿਵਾਰ 'ਚ ਵਿਵਾਦ ਦੇ ਚੱਲਦਿਆਂ ਦੋ ਭਰਾਵਾਂ ਦੀ ਜਾਨ ਚਲੇ ਗਈ ਜਦਸੂਚਨਾ ਮਿਲਣ 'ਤੇ ਅਮਰੀਕਾ ਦੇ ਰਿਚਮੰਡ ਹਿੱਲ, ਕੁਈਨਜ਼ ਵਿਚ ਪੁਲਸ ਸ਼ਨੀਵਾਰ ਰਾਤ ਕਰੀਬ 10:30 ਵਜੇ ਇਕ ਘਰ ਪਹੁੰਚੀ ਤਾਂ 27 ਸਾਲਾ ਵਿਪਨਪਾਲ ਮੁਲਤਾਨੀ ਮਿਲਿਆ, ਜਿਸ ਦੇ ਸਰੀਰ 'ਤੇ ਗੋਲ਼ੀਆਂ ਦੇ ਕਈ ਜ਼ਖ਼ਮ ਸਨ। ਡਾਕਟਰਾਂ ਨੇ ਉਸ ਨੂੰ ਮੌਕੇ 'ਤੇ ਹੀ ਮ੍ਰਿਤਕ ਐਲਾਨ ਦਿੱਤਾ। ਉੱਥੇ ਇਕ 52 ਸਾਲਾ ਔਰਤ ਨੂੰ ਧੜ ਵਿੱਚ ਗੋਲ਼ੀ ਲੱਗਣ ਕਾਰਨ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। 109ਵੇਂ ਐਵੇਨਿਊ ਅਤੇ 96ਵੀਂ ਸਟਰੀਟ ਤੋਂ ਇਕ ਮੀਲ ਤੋਂ ਵੀ ਘੱਟ ਦੂਰੀ 'ਤੇ ਪੁਲਸ ਨੂੰ 33 ਸਾਲ ਦੇ ਕਰਮਜੀਤ ਮੁਲਤਾਨੀ ਦੇ ਸਿਰ 'ਤੇ ਗੋਲ਼ੀ ਲੱਗੀ ਮਿਲੀ। ਜਾਂਚ ਅਧਿਕਾਰੀਆਂ ਨੂੰ ਉਸ ਦੇ ਸਰੀਰ ਦੇ ਕੋਲ ਇਕ ਹਥਿਆਰ ਵੀ ਮਿਲਿਆ ਹੈ।

ਕਿ ਉਨ੍ਹਾਂ ਦੀ ਮਾਤਾ ਗੰਭੀਰ ਜ਼ਖ਼ਮੀ ਹੋਈ ਹੈ। ਮਿਲੀ ਜਾਣਕਾਰੀ ਮੁਤਾਬਕ ਇਕ ਭਰਾ ਵੱਲੋਂ ਹੀ ਦੂਜੇ ਭਰਾ ਦਾ ਗੋਲ਼ੀਆਂ ਮਾਰ ਕੇ ਕਤਲ ਕੀਤਾ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਘਰੇਲੂ ਵਿਵਾਦ ਦੇ ਚਲਦਿਆਂ ਆਪਣੇ ਭਰਾ ਵਿਪਨਦੀਪ ਮੁਲਤਾਨੀ ਨੂੰ ਅਤੇ ਮਾਤਾ ਨੂੰ ਗੋਲ਼ੀ ਮਾਰਨ ਤੋਂ ਬਾਅਦ ਕਰਮਜੀਤ ਨੇ ਖ਼ੁਦ ਨੂੰ ਵੀ ਗੋਲ਼ੀ ਮਾਰ ਕੇ ਖ਼ੁਦਕੁਸ਼ੀ ਕਰ ਲਈ। ਫਿਲਹਾਲ ਪੁਲਸ ਜਾਂਚ ਕਰ ਰਹੀ ਹੈ। ਇਸ ਵਾਰਦਾਤ ਦੇ ਸਪਸ਼ਟ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ।

# ਜਲੰਧਰ ਪੱਛਮੀ ਸੀਟ ਲਈ ਜ਼ਿਮਨੀ ਚੋਣ ਦਾ ਐਲਾਨ, 10 ਜੁਲਾਈ ਨੂੰ ਪੈਣਗੀਆਂ ਵੋਟਾਂ



ELECTION COMMISSION OF INDIA



ਪੰਜਾਬ ਦੀ ਜਲੰਧਰ ਪੱਛਮੀ ਸੀਟ ‘ਤੇ ਚੋਣ ਕਮਿਸ਼ਨ ਨੇ ਜ਼ਿਮਨੀ ਚੋਣ ਦਾ ਐਲਾਨ ਕਰ ਦਿੱਤਾ ਹੈ। ਜ਼ਿਮਨੀ ਚੋਣ ਲਈ 10 ਜੁਲਾਈ ਨੂੰ ਵੋਟਿੰਗ ਹੋਵੇਗੀ ਅਤੇ 13 ਜੁਲਾਈ ਨੂੰ ਨਤੀਜਾ ਐਲਾਨਿਆ ਜਾਵੇਗਾ । ਇਸ ਸਬੰਧੀ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਲੰਧਰ ਪੱਛਮੀ (ਐਸ.ਸੀ) ਦੀ ਜ਼ਿਮਨੀ ਚੋਣ ਲਈ 10 ਜੁਲਾਈ ਨੂੰ ਵੋਟਾਂ ਪੈਣਗੀਆਂ। ਇਸ ਬਾਬਤ ਭਾਰਤੀ ਚੋਣ ਕਮਿਸ਼ਨ ਵੱਲੋਂ ਚੋਣ ਪ੍ਰੋਗਰਾਮ ਜਾਰੀ ਕਰ ਦਿੱਤਾ ਗਿਆ ਹੈ। ਸਿਬਿਨ ਸੀ ਨੇ ਦੱਸਿਆ ਕਿ 10 ਜੂਨ (ਸ਼ੁੱਕਰਵਾਰ) ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ ਅਤੇ ਨਾਮਜ਼ਦਗੀਆਂ ਭਰਨ ਦੀ ਆਖਰੀ ਮਿਤੀ 21 ਜੂਨ (ਸ਼ੁੱਕਰਵਾਰ) ਹੋਵੇਗੀ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 24 ਜੂਨ (ਸੋਮਵਾਰ) ਨੂੰ ਕੀਤੀ ਜਾਵੇਗੀ ਜਦਕਿ ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਆਖਰੀ ਤਾਰੀਖ 26 ਜੂਨ (ਬੁੱਧਵਾਰ) ਹੈ । ਉਨ੍ਹਾਂ ਦੱਸਿਆ ਕਿ 10 ਜੁਲਾਈ (ਬੁੱਧਵਾਰ) ਨੂੰ ਵੋਟਾਂ ਪੈਣਗੀਆਂ ਅਤੇ 13 ਜੁਲਾਈ (ਸ਼ਨੀਵਾਰ) ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ ।ਸਿਬਿਨ ਸੀ ਨੇ ਦੱਸਿਆ ਕਿ ਜ਼ਿਮਨੀ ਚੋਣ ਦੇ ਐਲਾਨ ਦੇ ਨਾਲ ਹੀ ਅੱਜ ਤੋਂ ਯਾਨੀ ਕਿ ਸੋਮਵਾਰ ਤੋਂ ਜਲੰਧਰ ਜ਼ਿਲ੍ਹੇ ਵਿੱਚ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ । ਇਹ ਜ਼ਾਬਤਾ 15 ਜੁਲਾਈ (ਸੋਮਵਾਰ) ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ। ਜ਼ਿਕਰਯੋਗ ਹੈ ਕਿ 34-ਜਲੰਧਰ ਪੱਛਮੀ (ਐਸ.ਸੀ) ਦੇ ਵਿਧਾਇਕ ਸ਼ੀਤਲ ਅੰਗੂਰਾਲ ਵੱਲੋਂ ਅਸਤੀਫ਼ਾ ਦੇਣ ਤੋਂ ਬਾਅਦ ਇਹ ਸੀਟ ਖਾਲੀ ਹੋਈ ਸੀ।

# ਜ਼ਿਮਨੀ ਚੋਣਾਂ ਨੂੰ ਲੈ ਕੇ ਹਰਸਿਮਰਤ ਬਾਦਲ ਨੇ ਅਕਾਲੀ ਦਲ ਦੇ ਆਗੂ ਤੇ ਵਰਕਰ ਨੂੰ ਖ਼ਾਸ ਅਪੀਲ



ਸਾਬਕਾ ਕੇਂਦਰੀ ਮੰਤਰੀ ਤੇ ਚਾਰ ਵਾਰ ਦੇ ਬਠਿੰਡਾ ਤੋਂ ਐੱਮ. ਪੀ. ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਸਰਦੂਲਗੜ੍ਹ ’ਚ ਧੰਨਵਾਦੀ ਦੌਰਿਆਂ ਦੌਰਾਨ ਅਕਾਲੀ ਦਲ ਦੀ ਕਾਰਗੁਜ਼ਾਰੀ ਦੀ ਗੱਲ ਕਰਦਿਆਂ ਕਿਹਾ ਕਿ ਦਿੱਲੀ ਆਧਾਰਿਤ ਪਾਰਟੀਆਂ ਨੇ ਰਲ ਕੇ ਲੋਕ ਸਭਾ ਚੋਣਾਂ ਵਿਚ ਅਕਾਲੀ ਦਲ ਦੀ ਬਦਨਾਮੀ ਕੀਤੀ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਤਿੰਨੋਂ ਪਾਰਟੀਆਂ ਕਾਂਗਰਸ, ‘ਆਪ’ ਤੇ ਭਾਜਪਾ ਨੇ ਰਲ ਕੇ ਅਕਾਲੀ ਦਲ ਦਾ ਵਿਰੋਧ ਕੀਤਾ।ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬੀਆਂ ਨੇ ਇਹ ਸਾਜ਼ਿਸ਼ ਤੇ ਖੇਡ ਸਮਝ ਲਈ ਤੇ ਇਸੇ ਕਾਰਨ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਆਉਂਦੀਆਂ ਜ਼ਿਮਨੀ ਚੋਣਾਂ ਵਿਚ ਅਕਾਲੀ ਦਲ ਦੀ ਜਿੱਤ ਹੋਵੇਗੀ। ਉਨ੍ਹਾਂ ਨੇ ਪਾਰਟੀ ਕੇਡਰ ਨੂੰ ਅਪੀਲ ਕੀਤੀ ਕਿ ਉਹ ਜ਼ਿਮਨੀ ਚੋਣਾਂ ਵਿਚ ਪਾਰਟੀ ਦੀ ਡਟ ਕੇ ਹਮਾਇਤ ਕਰਨ। ਬਾਦਲ ਦਾ ਇਸ ਧੰਨਵਾਦੀ ਦੌਰੇ ਦੌਰਾਨ ਨਿੱਘਾ ਸਵਾਗਤ ਕੀਤਾ ਗਿਆ ਤੇ ਲੋਕਾਂ ਨੇ ਉਨ੍ਹਾਂ ਨੂੰ ਹਾਰ ਪਾ ਕੇ ਤੇ ਫੁੱਲ ਪੱਤੀਆਂ ਦੀ ਵਰਖਾ ਕਰ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀਆਂ ਆਸਾਂ ’ਤੇ ਖਰਾ ਉਤਰਣ ਵਾਸਤੇ ਸੰਸਦ ਵਿਚ ਉਨ੍ਹਾਂ ਦੇ ਮਸਲੇ ਜ਼ੋਰਦਾਰ ਢੰਗ ਨਾਲ ਚੁੱਕਣਗੇ।ਸਰਦਾਰਨੀ ਬਾਦਲ ਨੇ ਇਹ ਵੀ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਸਿੱਖ ਕੌਮ ਜੂਨ ਦੇ ਪਹਿਲੇ ਪਹਿਲੇ ਹਫਤੇ ਵਿਚ ਘੱਲੂਘਾਰਾ ਦਿਵਸ ਮਨਾਉਂਦੀ ਹੈ, ਜਿਸ ਦੌਰਾਨ ਇੰਦਰਾ ਗਾਂਧੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਨੇ ਸ੍ਰੀ ਦਰਬਾਰ ਸਾਹਿਬ ਤੇ ਸ੍ਰੀ ਹਰਿਮੰਦਰ ਸਾਹਿਬ ’ਤੇ ਟੈਂਕਾਂ ਤੇ ਤੋਪਾਂ ਨਾਲ ਹਮਲਾ ਕੀਤਾ ਪਰ ਇਸਦੇ ਬਾਵਜੂਦ ਪੰਜਾਬੀਆਂ ਨੇ ਕਾਂਗਰਸ ਲਈ ਵੋਟਾਂ ਪਾ ਦਿੱਤੀਆਂ, ਜਿਸਨੇ ਸਾਕਾ ਨੀਲਾ ਤਾਰਾ ਕਰਵਾਇਆ ਸੀ ਤੇ ਬਾਅਦ ਵਿਚ ਦਿੱਲੀ ਤੇ ਦੇਸ਼ ਦੇ ਹੋਰ ਸ਼ਹਿਰਾਂ ਵਿਚ ਸਿੱਖਾਂ ਦਾ ਕਤਲੇਆਮ ਕਰਵਾਇਆ। ਬਾਦਲ ਨੇ ਕਿਹਾ ਕਿ ਅਕਾਲੀ ਦਲ ਸਿਧਾਂਤਾਂ ਦੀ ਪਾਰਟੀ ਹੈ ਤੇ ਉਹ ਦਰਿਆਈ ਪਾਣੀਆਂ, ਇਸਦੇ ਰਾਜਧਾਨੀ ਸ਼ਹਿਰ ਚੰਡੀਗੜ੍ਹ, ਤੇ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਪੰਜਾਬ ਦੇ ਮੁੱਦਿਆਂ ’ਤੇ ਕਦੇ ਵੀ ਸਮਝੌਤਾ ਨਹੀਂ ਕਰੇਗਾ। ਉਨ੍ਹਾਂ ਕਿਹਾ ਕਿ ਸਾਡੇ ਲਈ ਪੰਜਾਬ ਤੇ ਪੰਜਾਬੀ ਪਹਿਲਾਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਅਕਾਲੀ ਦਲ ਪੰਜਾਬੀਆਂ ਦੀਆਂ ਖੇਤਰੀ ਇੱਛਾਵਾਂ ਦੀ ਪੂਰਤੀ ਵਾਸਤੇ ਡਟ ਕੇ ਕੰਮ ਕਰਦਾ ਰਹੇਗਾ।

# ਇਕ ਸਮੇਂ ਭਾਰਤ ਦੇ ਜਿੱਤਣ ਦੇ ਸੀ ਸਿਰਫ਼ 8 ਫ਼ੀਸਦੀ Chance! ਜਾਣੋ ਕਿਵੇਂ ਪਲਟ ਗਿਆ ਪਾਸਾ



ਬੀਤੀ ਰਾਤ ਟੀ-20 ਵਿਸ਼ਵ ਕੱਪ 2024 ਵਿਚ ਭਾਰਤ ਅਤੇ ਪਾਕਿਸਤਾਨ ਵਿਚਾਲੇ ਖੇਡਿਆ ਗਿਆ ਮੁਕਾਬਲਾ ਬੇਹੱਦ ਰੋਮਾਂਚਕ ਰਿਹਾ। ਭਾਰਤ ਨੇ ਨਿਊਯਾਰਕ ਦੇ ਨਾਸਾਊ ਕਾਊਂਟੀ ਇੰਟਰਨੈਸ਼ਨਲ ਸਟੇਡੀਅਮ ਵਿਚ ਖੇਡੇ ਗਏ ਮੁਕਾਬਲੇ ਵਿਚ ਪਾਕਿਸਤਾਨ ਨੂੰ 6 ਦੌੜਾਂ ਨਾਲ ਹਰਾ ਦਿੱਤਾ। ਇਸ ਲੋਅ ਸਕੋਰਿੰਗ ਮੁਕਾਬਲੇ ਵਿਚ ਕਈ ਉਤਾਰ-ਚੜ੍ਹਾਅ ਵੇਖਣ ਨੂੰ ਮਿਲੇ। ਕਿਸੇ ਵੇਲੇ ਭਾਰਤੀ ਟੀਮ ਦੀ ਸਥਿਤੀ ਮਜ਼ਬੂਤ ਲੱਗਦੀ ਸੀ ਤਾਂ ਕਦੇ ਮੁਕਾਬਲਾ ਪਾਕਿਸਤਾਨ ਵੱਲ ਝੁਕਦਾ ਨਜ਼ਰ ਆਉਂਦਾ ਸੀ। ਮੈਚ ਦੌਰਾਨ ਇਕ ਸਮਾਂ ਤਾਂ ਅਜਿਹਾ ਸੀ ਕਿ ਜਦੋਂ ਭਾਰਤੀ ਟੀਮ ਦੀ ਜਿੱਤ ਦੇ ਚਾਂਸ ਸਿਰਫ਼ 8 ਫ਼ੀਸਦੀ ਰਹਿ ਗਏ ਸਨ। ਪਾਕਿਸਤਾਨ ਦੇ ਮੁਕਾਬਲਾ ਜਿੱਤਣ ਦੇ ਚਾਂਸ 92 ਫ਼ੀਸਦੀ ਦੱਸੇ ਜਾ ਰਹੇ ਸੀ, ਪਰ ਫ਼ਿਰ ਭਾਰਤੀ ਗੇਂਦਬਾਜ਼ਾਂ ਨੇ ਅਜਿਹਾ ਕਮਾਲ ਕੀਤਾ ਕਿ ਪਾਕਿਸਤਾਨ ਦੀ ਜੇਬ ਵਿਚੋਂ ਜਿੱਤ ਕੱਢ ਕੇ ਭਾਰਤ ਦੀ ਝੋਲੀ ਪਾ ਦਿੱਤੀ। ਇਸ ਮੈਚ ਵਿਚ ਪਾਕਿਸਤਾਨ ਨੇ ਟਾਸ ਜਿੱਤ ਕੇ ਗੇਂਦਬਾਜ਼ੀ ਕਰਨ ਦਾ ਫ਼ੈਸਲਾ ਕੀਤਾ ਸੀ। ਪਹਿਲੀ ਪਾਰੀ ਤਕ ਤਾਂ ਪਾਕਿਸਤਾਨ ਦਾ ਇਹ ਫ਼ੈਸਲਾ ਬਿਲਕੁੱਲ ਸਹੀ ਸਾਬਿਤ ਹੁੰਦਾ ਲੱਗ ਰਿਹਾ ਸੀ, ਕਿਉਂਕਿ ਪਹਿਲਾਂ ਬੈਟਿੰਗ ਕਰਨ ਉਤਰੇ ਭਾਰਤੀ ਬੱਲੇਬਾਜ਼ਾਂ ਨੂੰ ਦੌੜਾਂ ਬਣਾਉਣ ਵਿਚ ਕਾਫ਼ੀ ਸੰਘਰਸ਼ ਕਰਨਾ ਪਿਆ। ਭਾਰਤੀ ਟੀਮ 20 ਓਵਰ ਵੀ ਪੂਰੇ ਨਹੀਂ ਖੇਡ ਸਕੀ ਤੇ 19 ਓਵਰਾਂ ਵਿਚ 119 ਦੌੜਾਂ ਬਣਾ ਕੇ ਆਲ ਆਊਟ ਹੋ ਗਈ। ਫਿਰ ਟੀਚੇ ਦਾ ਪਿੱਛਾ ਕਰਨ ਉਤਰੀ ਪਾਕਿਸਤਾਨ ਨੇ ਮਜ਼ਬੂਤ ਸ਼ੁਰੂਆਤ ਕੀਤੀ ਤੇ ਵਿਕਟਾਂ ਬਚਾਉਂਦੇ ਹੋਏ ਟੀਚੇ ਵੱਲ ਵਧਣਾ ਸ਼ੁਰੂ ਕਰ ਦਿੱਤਾ। ਇਕ ਸਮੇਂ ਤਾਂ ਪਾਕਿਸਤਾਨ ਨੇ 2 ਵਿਕਟਾਂ ਗੁਆ ਕੇ 71 ਦੌੜਾਂ ਬਣਾ ਲਈਆਂ ਸਨ ਤੇ ਉਸ ਨੂੰ ਜਿੱਤ ਲਈ 49 ਗੇਂਦਾਂ ਵਿਚ 49 ਦੌੜਾਂ ਦੀ ਹੀ ਲੋੜ ਸੀ। ਇਸ ਮੌਕੇ 'ਤੇ ਭਾਰਤ ਦੇ ਮੁਕਾਬਲਾ ਜਿੱਤਣ ਦੇ ਚਾਂਸ 8 ਫ਼ੀਸਦੀ ਜਦਕਿ ਪਾਕਿਸਤਾਨ ਦੇ ਜਿੱਤਣ ਦੇ 92 ਫ਼ੀਸਦੀ ਚਾਂਸ ਦੱਸੇ ਜਾ ਰਹੇ ਸਨ। ਇਸ ਮਗਰੋਂ ਵੀ ਭਾਰਤੀ ਗੇਂਦਬਾਜ਼ਾਂ ਨੇ ਹਾਰ ਨਹੀਂ ਮੰਨੀ ਅਤੇ ਜੀ-ਜਾਨ ਨਾਲ ਗੇਂਦਬਾਜ਼ੀ ਜਾਰੀ ਰੱਖੀ। ਇਸ ਮੌਕੇ 'ਤੇ ਜਸਪ੍ਰੀਤ ਬੁਮਰਾਹ ਨੇ ਮੁਹੰਮਦ ਰਿਜ਼ਵਾਨ ਨੂੰ ਬੋਲਡ ਕਰ ਦਿੱਤਾ, ਜਿੱਥੋਂ ਸਾਰਾ ਮੈਚ ਹੀ ਪਲਟ ਗਿਆ। ਇਸ ਤੋਂ ਪਹਿਲਾਂ ਵੀ ਜਸਪ੍ਰੀਤ ਬੁਮਰਾਹ ਨੇ ਬਾਬਰ ਆਜ਼ਮ ਨੂੰ ਆਊਟ ਕਰ ਕੇ ਟੀਮ ਦੀਆਂ ਉਮੀਦਾਂ ਕਾਇਮ ਰੱਖੀਆਂ ਸਨ। ਰਿਜ਼ਵਾਨ ਦੇ ਆਊਟ ਹੁੰਦਿਆਂ ਹੀ ਪਾਕਿਸਤਾਨ ਦੀ ਬੱਲੇਬਾਜ਼ੀ ਢਹਿ-ਢੇਰੀ ਹੋਣੀ ਸ਼ੁਰੂ ਹੋ ਗਈ ਅਤੇ ਭਾਰਤੀ ਗੇਂਦਬਾਜ਼ਾਂ ਨੇ ਦਬਾਅ ਬਣਾਉਣਾ ਸ਼ੁਰੂ ਕਰ ਦਿੱਤਾ। ਅਖ਼ੀਰਲੇ ਓਵਰ ਵਿਚ ਪਾਕਿਸਤਾਨ ਨੂੰ 20 ਦੌੜਾਂ ਦੀ ਲੋੜ ਸੀ। ਅਰਸ਼ਦੀਪ ਸਿੰਘ ਨੇ ਇਸ ਨੂੰ ਡਿਫੈਂਡ ਕਰਦਿਆਂ 6 ਦੌੜਾਂ ਨਾਲ ਜਿੱਤ ਭਾਰਤੀ ਟੀਮ ਦੀ ਝੋਲੀ ਪਾਈ।

# ਰੋਹਿਤ ਸ਼ਰਮਾ ਟਾਸ ਦੌਰਾਨ ਸਿੱਕਾ ਭੁੱਲੇ, ਫਿਰ ਕੱਢਿਆ ਆਪਣੀ ਜੇਬ 'ਚੋਂ




ਨਿਊਯਾਰਕ ਦੇ ਨਸਾਓ ਕਾਊਂਟੀ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ 'ਚ ਟੀ-20 ਕ੍ਰਿਕਟ ਵਿਸ਼ਵ ਕੱਪ 2024 'ਚ ਪਾਕਿਸਤਾਨ ਖਿਲਾਫ ਭਾਰਤੀ ਟੀਮ ਦਾ ਮੈਚ ਮੀਂਹ ਕਾਰਨ ਪ੍ਰਭਾਵਿਤ ਹੋ ਗਿਆ। ਮੀਂਹ ਅਤੇ ਗਿੱਲੇ ਆਊਟਫੀਲਡ ਕਾਰਨ ਟਾਸ ਵਿੱਚ ਦੇਰੀ ਹੋਈ ਪਰ ਜਦੋਂ 8 ਵਜੇ ਟਾਸ ਹੋਇਆ ਤਾਂ ਭਾਰਤੀ ਕਪਤਾਨ ਰੋਹਿਤ ਸ਼ਰਮਾ ਦੀ ਇੱਕ ਛੋਟੀ ਜਿਹੀ ਗਲਤੀ ਨੇ ਕ੍ਰਿਕਟ ਪ੍ਰਸ਼ੰਸਕਾਂ ਦਾ ਧਿਆਨ ਆਪਣੇ ਵੱਲ ਖਿੱਚ ਲਿਆ। ਦਰਅਸਲ, ਟਾਸ ਦੇ ਸਮੇਂ ਜਦੋਂ ਰਵੀ ਸ਼ਾਸਤਰੀ ਨੇ ਦੋਵਾਂ ਕਪਤਾਨਾਂ ਦੀ ਜਾਣ-ਪਛਾਣ ਕਰਾਉਣ ਤੋਂ ਬਾਅਦ ਉਨ੍ਹਾਂ ਨੂੰ ਸਿੱਕਾ ਉਛਾਲਣ ਲਈ ਕਿਹਾ ਤਾਂ ਰੋਹਿਤ ਨੇ ਚੌਥੇ ਅੰਪਾਇਰ ਵੱਲ ਦੇਖਣਾ ਸ਼ੁਰੂ ਕਰ ਦਿੱਤਾ। ਚੌਥੇ ਅੰਪਾਇਰ ਨੇ ਉਸ ਨੂੰ ਆਪਣੀ ਜੇਬ ਚੈੱਕ ਕਰਨ ਲਈ ਕਿਹਾ। ਫਿਰ ਰੋਹਿਤ ਨੂੰ ਯਾਦ ਆਇਆ ਕਿ ਸਿੱਕਾ ਉਸ ਦੀ ਜੇਬ ਵਿਚ ਹੀ ਸੀ। ਇਹ ਦੇਖ ਕੇ ਪਾਕਿਸਤਾਨੀ ਕਪਤਾਨ ਬਾਬਰ ਆਜ਼ਮ ਹੱਸ ਪਏ। ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਰੋਹਿਤ ਸ਼ਰਮਾ ਟਾਸ ਦੌਰਾਨ ਕੁਝ ਭੁੱਲ ਗਿਆ ਹੋਵੇ। ਇਸ ਤੋਂ ਪਹਿਲਾਂ ਵੀ ਨਿਊਜ਼ੀਲੈਂਡ ਦੇ ਖਿਲਾਫ ਹੋਏ ਮੈਚ 'ਚ ਉਹ ਟਾਸ ਜਿੱਤਣ ਤੋਂ ਬਾਅਦ ਪਹਿਲਾਂ ਬੱਲੇਬਾਜ਼ੀ ਕਰਨੀ ਜਾਂ ਗੇਂਦਬਾਜ਼ੀ, ਉਹ ਭੁੱਲ ਗਏ ਸਨ। ਪਰ ਕੁਝ ਸਮੇਂ ਬਾਅਦ ਉਸ ਨੇ ਆਪਣੇ ਫੈਸਲੇ ਨੂੰ ਯਾਦ ਕਰਦਿਆਂ ਇਸ ਦਾ ਐਲਾਨ ਕਰ ਦਿੱਤਾ। ਵੈਸੇ ਵੀ ਟੀਮ ਇੰਡੀਆ ਦੇ ਖਿਡਾਰੀਆਂ ਵਿੱਚ ਰੋਹਿਤ ਦੇ ਭੁੱਲਣ ਦੀਆਂ ਕਹਾਣੀਆਂ ਬਹੁਤ ਮਸ਼ਹੂਰ ਹਨ। ਦੱਸਿਆ ਜਾਂਦਾ ਹੈ ਕਿ ਕਈ ਵਾਰ ਰੋਹਿਤ ਹੋਟਲ ਤੋਂ ਬਾਹਰ ਨਿਕਲਦੇ ਸਮੇਂ ਆਪਣਾ ਪਾਸਪੋਰਟ ਕਮਰੇ 'ਚ ਭੁੱਲ ਜਾਂਦਾ ਸੀ।ਹਾਲਾਂਕਿ ਟਾਸ ਜਿੱਤਣ ਤੋਂ ਬਾਅਦ ਪਾਕਿਸਤਾਨੀ ਕਪਤਾਨ ਬਾਬਰ ਆਜ਼ਮ ਨੇ ਕਿਹਾ ਕਿ ਮੌਸਮ ਅਤੇ ਪਿੱਚ 'ਚ ਨਮੀ ਦੇ ਕਾਰਨ ਅਸੀਂ ਪਹਿਲਾਂ ਗੇਂਦਬਾਜ਼ੀ ਕਰਾਂਗੇ। ਹਾਲਾਤ ਸਾਡੇ ਲਈ ਅਨੁਕੂਲ ਹਨ, ਸਾਡੇ ਕੋਲ ਚਾਰ ਤੇਜ਼ ਗੇਂਦਬਾਜ਼ ਹਨ। ਅਸੀਂ ਇਸ ਦਾ ਵਧੀਆ ਉਪਯੋਗ ਕਰਨ ਦੀ ਕੋਸ਼ਿਸ਼ ਕਰਾਂਗੇ। ਅਤੀਤ ਅਤੀਤ ਹੈ, ਅਸੀਂ ਅੱਜ ਦੇ ਮੈਚ ਦੀ ਉਡੀਕ ਕਰ ਰਹੇ ਹਾਂ, ਅਸੀਂ ਤਿਆਰ ਹਾਂ ਅਤੇ ਆਪਣਾ 100% ਦੇਵਾਂਗੇ। ਆਜ਼ਮ ਖਾਨ ਅੱਜ ਨਹੀਂ ਖੇਡਣਗੇ। ਇਸ ਦੇ ਨਾਲ ਹੀ ਭਾਰਤੀ ਕਪਤਾਨ ਰੋਹਿਤ ਸ਼ਰਮਾ ਨੇ ਕਿਹਾ ਕਿ ਅਸੀਂ ਵੀ ਪਹਿਲਾਂ ਗੇਂਦਬਾਜ਼ੀ ਕਰਦੇ। ਸਾਨੂੰ ਇਹ ਮੁਲਾਂਕਣ ਕਰਨ ਦੀ ਜ਼ਰੂਰਤ ਹੈ ਕਿ ਹਾਲਾਤ ਕੀ ਹਨ ਅਤੇ ਇੱਕ ਵਿਚਾਰ ਹੈ ਕਿ ਇੱਕ ਚੰਗਾ ਸਕੋਰ ਕੀ ਹੈ. ਅਸੀਂ ਇਸ ਬਾਰੇ ਗੱਲ ਕੀਤੀ ਹੈ ਕਿ ਸਾਨੂੰ ਚੰਗੇ ਸਕੋਰ ਹਾਸਲ ਕਰਨ ਲਈ ਬੱਲੇਬਾਜ਼ੀ ਇਕਾਈ ਵਜੋਂ ਕੀ ਕਰਨ ਦੀ ਲੋੜ ਹੈ ਅਤੇ ਫਿਰ ਸਾਡੇ ਕੋਲ ਬਚਾਅ ਕਰਨ ਲਈ ਗੇਂਦਬਾਜ਼ੀ ਇਕਾਈ ਹੈ। ਵਿਸ਼ਵ ਕੱਪ ਵਿੱਚ ਹਰ ਖੇਡ ਮਹੱਤਵਪੂਰਨ ਹੈ, ਤੁਸੀਂ ਸਿਰਫ਼ ਦਿਖਾਵਾ ਨਹੀਂ ਕਰ ਸਕਦੇ। ਕੁਝ ਵੀ ਹੋ ਸਕਦਾ ਹੈ। ਅਸੀਂ ਉਸੇ ਗਿਆਰਾਂ 'ਤੇ ਟਿੱਕੇ ਹੋਏ ਹਾਂ।

# ਭਾਰਤੀ ਬੱਲੇਬਾਜ਼ਾਂ ਨੇ ਪਾਕਿਸਤਾਨੀ ਗੇਂਦਬਾਜ਼ਾਂ ਅੱਗੇ ਟੇਕੇ ਗੋਡੇ, ਦਿੱਤਾ 120 ਦੌੜਾਂ ਦਾ ਟੀਚਾ

ਆਈ.ਸੀ.ਸੀ. ਟੀ-20 ਵਿਸ਼ਵ ਕੱਪ ਦੇ ਗਰੁੱਪ ਏ ਦੇ 19ਵੇਂ ਮੈਚ ਤਹਿਤ ਭਾਰਤ ਅਤੇ ਪਾਕਿਸਤਾਨ ਵਿਚਾਲੇ ਮਹਾਮੁਕਾਬਲਾ ਅੱਜ ਰਾਤ ਨਿਊਯਾਰਕ ਦੇ ਨਸਾਊ ਕਾਊਂਟੀ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ 'ਚ ਖੇਡਿਆ ਜਾ ਰਿਹਾ ਹੈ। ਪਾਕਿਸਤਾਨ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਹੈ। ਮੈਚ ਅਜੇ ਸ਼ੁਰੂ ਹੀ ਸ਼ੁਰੂ ਹੋਇਆ ਸੀ ਕਿ ਇਸ ਤੋਂ ਬਾਅਦ ਮੀਂਹ ਕਾਰਨ ਮੈਚ ਨੂੰ ਰੋਕਣਾ ਪਿਆ। ਮੀਂਹ ਰੁਕਣ ਤੋਂ ਬਾਅਦ ਮੈਚ ਮੁੜ ਸ਼ੁਰੂ ਹੋਇਆ। ਇਸ ਤੋਂ ਬਾਅਦ ਕੋਹਲੀ 4 ਦੌੜਾਂ ਬਣਾ ਨਸੀਮ ਸ਼ਾਹ ਵਲੋਂ ਆਊਟ ਹੋ ਕੇ ਪਵੇਲੀਅਨ ਪਰਤ ਗਿਆ।

ਭਾਰਤ ਨੂੰ ਦੂਜਾ ਝਟਕਾ ਉਦੋਂ ਲੱਗਾ ਜਦੋਂ ਕਪਤਾਨ ਰੋਹਿਤ ਸ਼ਰਮਾ 13 ਦੌੜਾਂ ਬਣਾ ਸ਼ਾਹੀਨ ਅਫਰੀਦੀ ਵਲੋਂ ਆਊਟ ਹੋਇਆ। ਭਾਰਤ ਨੂੰ ਤੀਜਾ ਝਟਕਾ ਉਦੋਂ ਲੱਗਾ ਜਦੋਂ ਅਕਸ਼ਰ ਪਟੇਲ 20 ਦੌੜਾਂ ਬਣਾ ਨਸੀਮ ਸ਼ਾਹ ਵਲੋਂ ਆਊਟ ਹੋਇਆ। ਇਸ ਤੋਂ ਬਾਅਦ ਸੂਰਿਆਕੁਮਾਰ ਯਾਦਵ ਤੇ ਰਿਸ਼ਭ ਪੰਤ ਨੇ ਟੀਮ ਨੂੰ ਸੰਭਾਲਿਆ ਤੇ ਟੀਮ ਨੂੰ ਮੁਸ਼ਕਲ ਸਥਿਤੀ 'ਚੋਂ ਬਾਹਰ ਕੱਢਿਆ। ਇਸ ਦੌਰਾਨ ਸੂਰਿਆਕੁਮਾਰ ਯਾਦਵ 8 ਗੇਂਦਾਂ 'ਚ 7 ਦੌੜਾਂ ਬਣਾ ਕੇ ਹੈਰਿਸ ਰਾਊਫ਼ ਦੀ ਗੇਂਦ 'ਤੇ ਕੈਚ ਆਊਟ ਹੋ ਗਿਆ।

ਇਸ ਤੋਂ ਬਾਅਦ ਆਏ ਸ਼ਿਵਮ ਦੂਬੇ ਵੀ 3 ਦੌੜਾਂ ਬਣਾ ਕੇ ਆਊਟ ਹੋ ਗਿਆ। ਮੁਹੰਮਦ ਆਮਿਰ ਨੇ ਆਪਣੇ ਅਗਲੇ ਓਵਰ 'ਚ ਸੈੱਟ ਬੱਲੇਬਾਜ਼ ਰਿਸ਼ਭ ਪੰਤ (42) ਤੇ ਅਗਲੀ ਹੀ ਗੇਂਦ 'ਤੇ ਰਵਿੰਦਰ ਜਡੇਜਾ (0) ਨੂੰ ਆਊਟ ਕਰ ਕੇ ਪਾਕਿਸਤਾਨ ਨੂੰ ਮੈਚ 'ਚ ਵਾਪਸ ਲਿਆਂਦਾ। ਇਸ ਤੋਂ ਬਾਅਦ ਹਾਰਦਿਕ ਪੰਡਯਾ ਤੇ ਅਰਸ਼ਦੀਪ ਸਿੰਘ ਨੇ ਟੀਮ ਨੂੰ ਸੰਭਾਲਿਆ ਤੇ ਟੀਮ ਦਾ ਸਕੋਰ 100 ਤੋਂ ਪਾਰ ਕਰਵਾਇਆ।

ਇਸ ਤੋਂ ਬਾਅਦ ਅਗਲੇ ਹੀ ਓਵਰ 'ਚ ਰਊਫ਼ ਨੇ ਇਕ ਤੋਂ ਬਾਅਦ ਇਕ ਪੰਡਯਾ ਤੇ ਬੁਮਰਾਹ ਨੂੰ ਪੈਵੇਲੀਅਨ ਦਾ ਰਾਹ ਦਿਖਾ ਦਿੱਤਾ। ਖ਼ਬਰ ਲਿਖੇ ਜਾਣ ਤੱਕ ਭਾਰਤ ਦਾ ਸਕੋਰ 18 ਓਵਰਾਂ 'ਚ 9 ਵਿਕਟਾਂ ਗੁਆ ਕੇ 113 ਦੌੜਾਂ ਸੀ।

ਦੋਵਾਂ ਦੇਸ਼ਾਂ ਦੀ ਪਲੇਇੰਗ 11

ਭਾਰਤ : ਰੋਹਿਤ ਸ਼ਰਮਾ (ਕਪਤਾਨ), ਵਿਰਾਟ ਕੋਹਲੀ, ਰਿਸ਼ਭ ਪੰਤ (ਵਿਕਟਕੀਪਰ), ਸੂਰਿਆਕੁਮਾਰ ਯਾਦਵ, ਸ਼ਿਵਮ ਦੂਬੇ, ਹਾਰਦਿਕ ਪੰਡਯਾ, ਰਵਿੰਦਰ ਜਡੇਜਾ, ਅਕਸ਼ਰ ਪਟੇਲ, ਜਸਪ੍ਰੀਤ ਬੁਮਰਾਹ, ਮੁਹੰਮਦ ਸਿਰਾਜ, ਅਰਸ਼ਦੀਪ ਸਿੰਘ

ਪਾਕਿਸਤਾਨ : ਮੁਹੰਮਦ ਰਿਜ਼ਵਾਨ (ਵਿਕਟਕੀਪਰ), ਬਾਬਰ ਆਜ਼ਮ (ਕਪਤਾਨ), ਉਸਮਾਨ ਖਾਨ, ਫਖਰ ਜ਼ਮਾਨ, ਸ਼ਾਦਾਬ ਖਾਨ, ਇਫਤਿਖਾਰ ਅਹਿਮਦ, ਇਮਾਦ ਵਸੀਮ, ਸ਼ਾਹੀਨ ਅਫਰੀਦੀ, ਹੈਰਿਸ ਰਾਊਫ, ਨਸੀਮ ਸ਼ਾਹ, ਮੁਹੰਮਦ ਆਮਿਰ



# ਨਿਊਜ਼ੀਲੈਂਡ ਨੂੰ ਹਰਾਉਣ ਤੋਂ ਬਾਅਦ ਬੋਲੇ ਰਾਸ਼ਿਦ- ਇਹ ਸਾਡਾ ਟੀ-20 'ਚ ਸਰਵੋਤਮ ਪ੍ਰਦਰਸ਼ਨ ਸੀ

ਆਈ.ਸੀ.ਸੀ. ਟੀ-20 ਵਿਸ਼ਵ ਕੱਪ ਦੇ ਗਰੁੱਪ ਏ ਦੇ 19ਵੇਂ ਮੈਚ ਤਹਿਤ ਭਾਰਤ ਅਤੇ ਪਾਕਿਸਤਾਨ ਵਿਚਾਲੇ ਮਹਾਮੁਕਾਬਲਾ ਅੱਜ ਰਾਤ ਨਿਊਯਾਰਕ ਦੇ ਨਸਾਊ ਕਾਊਂਟੀ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ 'ਚ ਖੇਡਿਆ ਜਾ ਰਿਹਾ ਹੈ। ਪਾਕਿਸਤਾਨ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਹੈ। ਮੈਚ ਅਜੇ ਸ਼ੁਰੂ ਹੀ ਸ਼ੁਰੂ ਹੋਇਆ ਸੀ ਕਿ ਇਸ ਤੋਂ ਬਾਅਦ ਮੀਂਹ ਕਾਰਨ ਮੈਚ ਨੂੰ ਰੋਕਣਾ ਪਿਆ। ਮੀਂਹ ਰੁਕਣ ਤੋਂ ਬਾਅਦ ਮੈਚ ਮੁੜ ਸ਼ੁਰੂ ਹੋਇਆ। ਇਸ ਤੋਂ ਬਾਅਦ ਕੋਹਲੀ 4 ਦੌੜਾਂ ਬਣਾ ਨਸੀਮ ਸ਼ਾਹ ਵਲੋਂ ਆਊਟ ਹੋ ਕੇ ਪਵੇਲੀਅਨ ਪਰਤ ਗਿਆ। ਭਾਰਤ ਨੂੰ ਦੂਜਾ ਝਟਕਾ ਉਦੋਂ ਲੱਗਾ ਜਦੋਂ ਕਪਤਾਨ ਰੋਹਿਤ ਸ਼ਰਮਾ 13 ਦੌੜਾਂ ਬਣਾ ਸ਼ਾਹੀਨ ਅਫਰੀਦੀ ਵਲੋਂ ਆਊਟ ਹੋਇਆ। ਭਾਰਤ ਨੂੰ ਤੀਜਾ ਝਟਕਾ ਉਦੋਂ ਲੱਗਾ ਜਦੋਂ ਅਕਸ਼ਰ ਪਟੇਲ 20 ਦੌੜਾਂ ਬਣਾ ਨਸੀਮ ਸ਼ਾਹ ਵਲੋਂ ਆਊਟ ਹੋਇਆ। ਇਸ ਤੋਂ ਬਾਅਦ ਸੂਰਿਆਕੁਮਾਰ ਯਾਦਵ ਤੇ ਰਿਸ਼ਭ ਪੰਤ ਨੇ ਟੀਮ ਨੂੰ ਸੰਭਾਲਿਆ ਤੇ ਟੀਮ ਨੂੰ ਮੁਸ਼ਕਲ ਸਥਿਤੀ 'ਚੋਂ ਬਾਹਰ ਕੱਢਿਆ। ਇਸ ਦੌਰਾਨ ਸੂਰਿਆਕੁਮਾਰ ਯਾਦਵ 8 ਗੇਂਦਾਂ 'ਚ 7 ਦੌੜਾਂ ਬਣਾ ਕੇ ਹੈਰਿਸ ਰਾਊਫ਼ ਦੀ ਗੇਂਦ 'ਤੇ ਕੈਚ ਆਊਟ ਹੋ ਗਿਆ। ਇਸ ਤੋਂ ਬਾਅਦ ਆਏ ਸ਼ਿਵਮ ਦੁਬੇ ਵੀ 3 ਦੌੜਾਂ ਬਣਾ ਕੇ ਆਊਟ ਹੋ ਗਿਆ। ਮੁਹੰਮਦ ਆਮਿਰ ਨੇ ਆਪਣੇ ਅਗਲੇ ਓਵਰ 'ਚ ਸੈੱਟ ਬੱਲੇਬਾਜ਼ ਰਿਸ਼ਭ ਪੰਤ (42) ਤੇ ਅਗਲੀ ਹੀ ਗੇਂਦ 'ਤੇ ਰਵਿੰਦਰ ਜਡੇਜਾ (0) ਨੂੰ ਆਊਟ ਕਰ ਕੇ ਪਾਕਿਸਤਾਨ ਨੂੰ ਮੈਚ 'ਚ ਵਾਪਸ ਲਿਆਂਦਾ। ਇਸ ਤੋਂ ਬਾਅਦ ਹਾਰਦਿਕ ਪੰਡਯਾ ਤੇ ਅਰਸ਼ਦੀਪ ਸਿੰਘ ਨੇ ਟੀਮ ਨੂੰ ਸੰਭਾਲਿਆ ਤੇ ਟੀਮ ਦਾ ਸਕੋਰ 100 ਤੋਂ ਪਾਰ ਕਰਵਾਇਆ।

ਇਸ ਤੋਂ ਬਾਅਦ ਅਗਲੇ ਹੀ ਓਵਰ 'ਚ ਰਊਫ਼ ਨੇ ਇਕ ਤੋਂ ਬਾਅਦ ਇਕ ਪੰਡਯਾ ਤੇ ਬੁਮਰਾਹ ਨੂੰ ਪੈਵੇਲੀਅਨ ਦਾ ਰਾਹ ਦਿਖਾ ਦਿੱਤਾ। ਖ਼ਬਰ ਲਿਖੇ ਜਾਣ ਤੱਕ ਭਾਰਤ ਦਾ ਸਕੋਰ 18 ਓਵਰਾਂ 'ਚ 9 ਵਿਕਟਾਂ ਗੁਆ ਕੇ 113 ਦੌੜਾਂ ਸੀ।






# ਬੁਮਰਾਹ ਤੇ ਅਰਸ਼ਦੀਪ ਦੀ 'ਡੈੱਥ' ਬਾਲਿੰਗ ਦੀ ਬਦੌਲਤ ਭਾਰਤ ਨੇ ਪਾਕਿ ਨੂੰ ਹਰਾਇਆ, 6 ਦੌੜਾਂ ਨਾਲ ਜਿੱਤਿਆ ਮੁਕਾਬਲਾ

ਨਿਊਯਾਰਕ ਕ੍ਰਿਕਟ ਸਟੇਡੀਅਮ 'ਚ ਖੇਡੇ ਗਏ ਟੀ-20 ਵਿਸ਼ਵ ਕੱਪ ਦੇ ਭਾਰਤ-ਪਾਕਿ ਦੇ ਮਹਾਮੁਕਾਬਲੇ 'ਚ ਭਾਰਤ ਨੇ 119 ਦੌੜਾਂ ਦੇ ਛੋਟੇ ਸਕੋਰ ਦਾ ਬਚਾਅ ਕਰਦਿਆਂ 'ਨੇਲ ਬਾਈਟਿੰਗ' ਮੁਕਾਬਲੇ 'ਚ ਪਾਕਿਸਤਾਨ ਨੂੰ 6 ਦੌੜਾਂ ਨਾਲ ਹਰਾ ਦਿੱਤਾ ਹੈ।ਪਾਕਿਤਸਾਨ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫ਼ੈਸਲਾ ਕੀਤਾ ਤੇ ਪਾਕਿਸਤਾਨ ਦੇ ਪੇਸ ਅਟੈਕ ਅੱਗੇ ਭਾਰਤੀ ਗੇਂਦਬਾਜ਼ ਬੇਵੱਸ ਨਜ਼ਰ ਆਏ। ਭਾਰਤੀ ਟੀਮ ਪਾਕਿਸਤਾਨੀ ਗੇਂਦਬਾਜ਼ੀ ਅੱਗੇ ਢੇਰ ਹੋ ਗਏ ਤੇ ਸਿਰਫ਼ 119 ਦੌੜਾਂ ਬਣਾ ਸਕੇ। ਭਾਰਤ ਵੱਲੋਂ ਰਿਸ਼ਭ ਪੰਤ (42) ਤੇ ਅਕਸ਼ਰ ਪਟੇਲ (20) ਹੀ ਟਿਕ ਕੇ ਖੇਡ ਸਕੇ। ਇਨ੍ਹਾਂ ਤੋਂ ਇਲਾਵਾ ਰੋਹਿਤ ਸ਼ਰਮਾ (13) ਹੀ ਦੋਹਰੇ ਅੰਕੜੇ ਨੂੰ ਪਾਰ ਕਰ ਸਕੇ। ਇਨ੍ਹਾਂ ਤੋਂ ਬਾਅਦ ਕੋਈ ਵੀ ਭਾਰਤੀ ਬੱਲੇਬਾਜ਼ 10 ਦੇ ਸਕੋਰ ਨੂੰ ਪਾਰ ਨਾ ਕਰ ਸਕਿਆ।ਇਸ ਟੀਚੇ ਦਾ ਪਿੱਛਾ ਕਰਨ ਉਤਰੀ ਪਾਕਿਸਤਾਨ ਦੀ ਟੀਮ ਨੇ ਚੰਗੀ ਸ਼ੁਰੂਆਤ ਕੀਤੀ ਤੇ ਅਰਸ਼ਦੀਪ ਦੇ ਪਹਿਲੇ ਹੀ ਓਵਰ 'ਚ 9 ਦੌੜਾਂ ਬਣਾ ਲਈਆਂ। ਇਸ ਤੋਂ ਬਾਅਦ ਦੋਵਾਂ ਨੇ ਪਹਿਲੀ ਵਿਕਟ ਲਈ ਤੇਜ਼ੀ ਨਾਲ 26 ਦੌੜਾਂ ਜੋੜੀਆਂ। ਇਸ ਤੋਂ ਬਾਅਦ ਬੁਮਰਾਹ ਨੇ ਪਾਕਿਸਤਾਨ ਨੂੰ ਪਹਿਲਾ ਝਟਕਾ ਦਿੱਤਾ ਤੇ ਬਾਬਰ ਆਜ਼ਮ ਨੂੰ 13 ਦੌੜਾਂ ਦੇ ਨਿੱਜੀ ਸਕੋਰ 'ਤੇ ਆਊਟ ਕੀਤਾ।ਇਸ ਝਟਕੇ ਤੋਂ ਬਾਅਦ ਮੁਹੰਮਦ ਰਿਜ਼ਵਾਨ ਨੇ ਕੁਝ ਸ਼ਾਨਦਾਰ ਸ਼ਾਟ ਖੇਡੇ ਤੇ ਪਾਕਿਸਤਾਨ ਨੂੰ ਮੁੜ ਮੈਚ 'ਚ ਲਿਆਂਦਾ। 11ਵੇਂ ਓਵਰ 'ਚ ਗੇਂਦਬਾਜ਼ੀ ਕਰਨ ਆਏ ਅਕਸ਼ਰ ਪਟੇਲ ਨੇ ਭਾਰਤ ਨੂੰ ਦੂਜੀ ਸਫ਼ਲਤਾ ਦਿਵਾਈ ਤੇ ਆਪਣੀ ਪਹਿਲੀ ਹੀ ਗੇਂਦ 'ਤੇ ਉਸਮਾਨ ਖ਼ਾਨ ਨੂੰ 13 ਦੌੜਾਂ ਦੇ ਸਕੋਰ 'ਤੇ ਆਊਟ ਕੀਤਾ। ਇਸ ਤੋਂ ਬਾਅਦ 13ਵੇਂ ਓਵਰ 'ਚ ਹਾਰਦਿਕ ਪੰਡਯਾ ਨੇ ਪਾਕਿਸਤਾਨ ਨੂੰ ਤੀਜਾ ਝਟਕਾ ਦਿੱਤਾ ਤੇ ਫ਼ਖ਼ਰ ਜ਼ਮਾਨ ਨੂੰ 13 ਦੇ ਨਿੱਜੀ ਸਕੋਰ 'ਤੇ ਆਊਟ ਕੀਤਾ।ਭਾਰਤ ਲਈ ਖ਼ਤਰਨਾਕ ਦਿਖਾਈ ਦੇ ਰਹੇ ਮੁਹੰਮਦ ਰਿਜ਼ਵਾਨ ਨੂੰ ਜਸਪ੍ਰੀਤ ਬੁਮਰਾਹ ਨੇ 31 ਦੇ ਨਿੱਜੀ ਸਕੋਰ 'ਤੇ ਕਲੀਨ ਬੋਲਡ ਕਰ ਕੇ ਭਾਰਤ ਦੀ ਮੈਚ 'ਚ ਵਾਪਸੀ ਕਰਵਾਈ। ਇਸ ਤੋਂ ਬਾਅਦ ਅੰਤ ਦੇ ਓਵਰਾਂ 'ਚ ਬੁਮਰਾਹ ਤੇ ਅਰਸ਼ਦੀਪ ਸਿੰਘ ਨੇ ਸ਼ਾਨਦਾਰ ਗੇਂਦਬਾਜ਼ੀ ਕੀਤੀ ਤੇ ਪਾਕਿਸਤਾਨ ਦੇ ਬੱਲੇਬਾਜ਼ਾਂ ਨੂੰ ਕੋਈ ਮੌਕਾ ਨਾ ਦਿੱਤਾ।19ਵੇਂ ਓਵਰ 'ਚ ਬੁਮਰਾਹ ਨੇ ਬਹੁਤ ਹੀ ਸਟੀਕ ਲੈਂਥ 'ਤੇ ਗੇਂਦਾਂ ਸੁੱਟੀਆਂ ਤੇ ਪਾਕਿਸਤਾਨੀ ਬੱਲੇਬਾਜ਼ਾਂ ਨੂੰ ਸ਼ਾਟ ਖੇਡਣ ਦਾ ਬਿਲਕੁਲ ਮੌਕਾ ਨਾ ਦਿੱਤਾ। ਆਖ਼ਰੀ ਓਵਰ 'ਚ ਪਾਕਿਸਤਾਨ ਨੂੰ ਜਿੱਤਣ ਲਈ 18 ਦੌੜਾਂ ਦੀ ਲੋੜ ਸੀ। ਅਰਸ਼ਦੀਪ ਨੇ ਇਸ ਓਵਰ 'ਚ ਦਬਾਅ ਦੇ ਬਾਵਜੂਦ ਸ਼ਾਨਦਾਰ ਗੇਂਦਬਾਜ਼ੀ ਕੀਤੀ ਤੇ ਸਿਰਫ਼ 12 ਦੌੜਾਂ ਦਿੱਤੀਆਂ। ਇਸ ਤਰ੍ਹਾਂ ਭਾਰਤ ਨੇ ਇਹ ਮੁਕਾਬਲਾ ਸ਼ਾਨਦਾਰ ਗੇਂਦਬਾਜ਼ੀ ਦੇ ਦਮ 'ਤੇ 6 ਦੌੜਾਂ ਨਾਲ ਜਿੱਤ ਲਿਆ ਹੈ।

# ਫਾਈਟਰ ਪੂਜਾ ਤੋਮਰ ਨੇ ਰਚਿਆ ਇਤਿਹਾਸ, UFC ‘ਚ ਜਿੱਤ ਦਰਜ ਕਰਨ ਵਾਲੀ ਬਣੀ ਪਹਿਲੀ ਭਾਰਤੀ




ਪੂਜਾ ਤੋਮਰ ਅਲਟੀਮੇਟ ਫਾਈਟਿੰਗ ਚੈਂਪੀਅਨਸ਼ਿਪ (UFC) ਵਿਚ ਜਿੱਤ ਦਰਜ ਕਰਨ ਵਾਲੀ ਭਾਰਤ ਦੀ ਪਹਿਲੀ ਮਾਰਸ਼ਲ ਆਰਟ ਫਾਈਟਰ ਬਣ ਗਈ ਹੈ। ਪਹਿਲੀ ਵਾਰ ਇਸ ਤਰ੍ਹਾਂ ਦੀ ਪ੍ਰਤੀਯੋਗਤਾ ਵਿਚ ਹਿੱਸਾ ਲੈ ਰਹੀ ਪੂਜਾ ਨੇ ਯੂਐੱਫਸੀ ਲੁਇਸਵਿਲੇ ਵਿਚ ਸਟ੍ਰਾਵੇਟ (52 ਕਿਲੋਗ੍ਰਾਮ) ਮੁਕਾਬਲੇ ਵਿਚ ਬ੍ਰਾਜ਼ੀਲ ਦੀ ਰੇਯਾਨ ਡਾ ਸੈਂਟੋਸ ‘ਤੇ 30-27, 27-30, 29-28 ਨਾਲ ਜਿੱਤ ਹਾਸਲ ਕੀਤੀ। ਪੂਜਾ ਨੇ ਮੁਕਾਬਲੇ ਦੇ ਬਾਅਦ ਕਿਹਾ ਕਿ ਇਹ ਸਿਰਫ ਮੇਰੀ ਜਿੱਤ ਨਹੀਂ ਹੈ। ਇਹ ਭਾਰਤ ਦੇ ਸਾਰੇ ਪ੍ਰਸ਼ੰਸਕਾਂ ਤੇ ਭਾਰਤੀ ਫਾਈਟਰ ਦੀ ਜਿੱਤ ਹੈ। ਇਸ ਤੋਂ ਪਹਿਲਾਂ ਕਦੇ ਸੋਚਿਆ ਕਰਦੇ ਸੀ ਕਿ ਭਾਰਤੀ ਫਾਈਟਰ ਚੁਣੌਤੀ ਪੇਸ਼ ਨਹੀਂ ਕਰ ਸਕਦੇ ਹਨ। ਮੈਂ ਸਿਰਫ ਜਿੱਤ ਬਾਰੇ ਸੋਚ ਰਹੀ ਸੀ ਤੇ ਮੈਂ ਦਿਖਾਇਆ ਕਿ ਭਾਰਤੀ ਫਾਈਟਰ ਹਰਾਉਣ ਵਾਲਿਆਂ ਵਿਚ ਸ਼ਾਮਲ ਨਹੀਂ ਹੈ।‘ਸਾਈਕਲੋਨ’ ਦੇ ਨਾਂ ਨਾਲ ਮਸ਼ਹੂਰ 30 ਸਾਲਾ ਪੂਜਾ ਨੇ ਪਿਛਲੇ ਸਾਲ ਅਕਤੂਬਰ ਵਿਚ ਯੂਐੱਫਸੀ ਦੇ ਨਾਲ ਐਗਰੀਮੈਂਟ ਕੀਤਾ ਸੀ ਤੇ ਇਸ ਤਰ੍ਹਾਂ ਉਹ ਮਿਸ਼ਰਿਤ ਮਾਰਸ਼ਲ ਆਰਟਸ ਦੇ ਸਭ ਤੋਂ ਮੁਕਾਬਲੇ ਵਿਚ ਹਿੱਸਾ ਲੈਣ ਵਾਲੀ ਭਾਰਤ ਦੀ ਪਹਿਲੀ ਮਹਿਲਾ ਬਣ ਗਈ। ਅੰਸ਼ੁਲ ਜੁਬਲੀ ਤੇ ਭਰਤ ਕੰਡਾਰੇ ਨੇ UFC ਵਿਚ ਵਿਸ਼ਵ ਮੰਚ ‘ਤੇ ਭਾਰਤ ਦੀ ਅਗਵਾਈ ਕੀਤੀ ਹੈ। ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਦੇ ਬੁਧਾਨਾ ਪਿੰਡ ਵਿਚ ਪੈਦਾ ਹੋਈ ਪੂਜਨਾ ਪੰਜ ਵਾਲ ਦੀ ਰਾਸ਼ਟਰੀ ਵੂਸ਼ੂ ਚੈਂਪੀਅਨ ਹੈ ਤੇ ਕਰਾਟੇ ਤੇ ਤਾਇਕਵਾਂਡੋ ਵਿਚ ਵੀ ਹਿੱਸਾ ਲੈਂਦੀ ਰਹੀ ਹੈ। ਪੂਜਾ ਨੇ ਕਿਹਾ ਕਿ ਮੈਨੂੰ ਜਿੱਤ ਦੀ ਪੂਰੀ ਉਮੀਦ ਸੀ ਪਰ ਮੈਂ ਆਪਣਾ 100 ਫੀਸਦੀ ਪ੍ਰਦਰਸ਼ਨ ਨਹੀਂ ਕਰ ਸਕੀ। ਦੂਜੇ ਰਾਊਂਡ ਵਿਚ ਮੈਂ ਦਬਾਅ ਮਹਿਸੂਸ ਕਰ ਰਹੀ ਸੀ। ਮੈਨੂੰ ਅਜੇ ਕਾਫੀ ਸੁਧਾਰ ਦੀ ਲੋੜ ਹੈ।

# ਗਾਜ਼ਾ ਦੇ 24 ਵੱਡੇ ਹਸਪਤਾਲ ਅਤੇ 80 ਫ਼ੀਸਦੀ ਸਕੂਲ ਤਬਾਹ



ਇਜ਼ਰਾਈਲ ਅਤੇ ਹਮਾਸ ਵਿਚਾਲੇ ਜੰਗ ਸ਼ੁਰੂ ਹੋਏ 246 ਦਿਨ ਹੋ ਗਏ ਹਨ। ਇਸ ਜੰਗ ਵਿੱਚ 37 ਹਜ਼ਾਰ ਤੋਂ ਵੱਧ ਫਲਸਤੀਨੀ ਮਾਰੇ ਜਾ ਚੁੱਕੇ ਹਨ। ਇਨ੍ਹਾਂ ਵਿੱਚ ਜ਼ਿਆਦਾਤਰ ਬੱਚੇ ਅਤੇ ਔਰਤਾਂ ਹਨ। 24 ਘੰਟਿਆਂ ਅੰਦਰ 274 ਫਲਸਤੀਨੀ ਮਾਰੇ ਗਏ ਅਤੇ 698 ਜ਼ਖਮੀ ਹੋ ਗਏ। ਇਸ ਦੌਰਾਨ ਸੰਯੁਕਤ ਰਾਸ਼ਟਰ ਵੱਲੋਂ ਜਾਰੀ ਰਿਪੋਰਟ ਵਿੱਚ ਖੁਲਾਸਾ ਕੀਤਾ ਗਿਆ ਹੈ ਕਿ ਇਜ਼ਰਾਇਲੀ ਫੌਜ ਨੇ ਚਿੰਤਾਜਨਕ ਪੈਮਾਨੇ 'ਤੇ ਸਕੂਲਾਂ ਅਤੇ ਹਸਪਤਾਲਾਂ ਨੂੰ ਨਿਸ਼ਾਨਾ ਬਣਾਇਆ ਹੈ। ਹਮਲੇ ਦੀ ਸ਼ੁਰੂਆਤ ਤੋਂ ਲੈਕੇ ਹੁਣ ਤੱਕ ਗਾਜ਼ਾ ਵਿੱਚ 80% ਸਕੂਲ ਤਬਾਹ ਹੋ ਗਏ ਹਨ ਜਾਂ ਬੁਰੀ ਤਰ੍ਹਾਂ ਨੁਕਸਾਨੇ ਗਏ ਹਨ। ਇਸ ਯੋਜਨਾਬੱਧ ਤਬਾਹੀ ਨੂੰ ਵਿੱਦਿਅਕ ਤਬਾਹੀ ਕਿਹਾ ਜਾ ਰਿਹਾ ਹੈ।

ਰਿਪੋਰਟ ਮੁਤਾਬਕ 16 ਮਈ ਤੱਕ 6 ਲੱਖ 25 ਹਜ਼ਾਰ ਵਿਦਿਆਰਥੀ ਇਜ਼ਰਾਇਲੀ ਫੌਜ ਦੇ ਹਮਲੇ ਤੋਂ ਪ੍ਰਭਾਵਿਤ ਹੋਏ ਹਨ। ਇਸ ਦੇ ਨਾਲ ਹੀ 90 ਹਜ਼ਾਰ ਫਲਸਤੀਨੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੀ ਪੜ੍ਹਾਈ ਵੀ ਰੁਕ ਗਈ ਹੈ। ਇਜ਼ਰਾਇਲੀ ਫੌਜੀਆਂ ਦੇ ਹਮਲਿਆਂ 'ਚ ਸਿਰਫ ਸਕੂਲ ਹੀ ਨਹੀਂ ਤਬਾਹ ਹੋਏ ਹਨ। ਸੰਯੁਕਤ ਰਾਸ਼ਟਰ ਦੇ ਮਾਹਰਾਂ ਅਤੇ ਫਲਸਤੀਨੀ ਸਿੱਖਿਆ ਮੰਤਰਾਲੇ ਅਨੁਸਾਰ ਅਪ੍ਰੈਲ 2024 ਤੱਕ ਗਾਜ਼ਾ ਵਿੱਚ ਘੱਟੋ ਘੱਟ 5,479 ਵਿਦਿਆਰਥੀ, 261 ਅਧਿਆਪਕ ਅਤੇ 95 ਯੂਨੀਵਰਸਿਟੀ ਦੇ ਪ੍ਰੋਫੈਸਰ ਇਜ਼ਰਾਈਲੀ ਫੌਜੀ ਕਾਰਵਾਈਆਂ ਵਿੱਚ ਮਾਰੇ ਗਏ ਹਨ। ਇਸ ਦੇ ਨਾਲ ਹੀ ਗਾਜ਼ਾ ਦੇ 24 ਵੱਡੇ ਹਸਪਤਾਲ ਵੀ ਜ਼ਮੀਨੀ ਹੋ ਗਏ ਹਨ। ਫੌਜ ਨੇ ਗਾਜ਼ਾ ਦੀਆਂ 12 ਯੂਨੀਵਰਸਿਟੀਆਂ 'ਤੇ ਵੀ ਬੰਬਾਰੀ ਕੀਤੀ ਅਤੇ ਉਨ੍ਹਾਂ ਨੂੰ ਪੂਰੀ ਤਰ੍ਹਾਂ ਜਾਂ ਅੰਸ਼ਕ ਤੌਰ 'ਤੇ ਤਬਾਹ ਕਰ ਦਿੱਤਾ। ਇਸ ਦੇ ਨਾਲ ਹੀ ਫੌਜ ਨੇ ਹਮਲਿਆਂ ਵਿੱਚ ਲਾਇਬ੍ਰੇਰੀਆਂ, ਪ੍ਰਕਾਸ਼ਨ ਘਰ, ਸੱਭਿਆਚਾਰਕ ਕੇਂਦਰ, ਅਜਾਇਬ ਘਰ, ਕਿਤਾਬਾਂ, ਕਬਰਸਤਾਨ ਅਤੇ ਸਮਾਰਕਾਂ ਨੂੰ ਵੀ ਤਬਾਹ ਕਰ ਦਿੱਤਾ ਸੀ। ਫੌਜ ਨੇ ਗਾਜ਼ਾ ਦੀ ਸਭ ਤੋਂ ਮਹੱਤਵਪੂਰਨ ਅਲ ਅਕਸਾ ਯੂਨੀਵਰਸਿਟੀ ਦੀ ਲਾਇਬ੍ਰੇਰੀ ਦੇ ਬਚੇ ਹਿੱਸਿਆਂ ਨੂੰ ਵੀ ਅੱਗ ਲਗਾ ਦਿੱਤੀ ਅਤੇ ਬਲਦੀਆਂ ਕਿਤਾਬਾਂ ਦੇ ਸਾਹਮਣੇ ਬੈਠ ਕੇ ਫੋਟੋਆਂ ਖਿੱਚੀਆਂ। ਹਾਲਾਂਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਇਜ਼ਰਾਇਲੀ ਫੌਜ ਨੇ ਅਜਿਹੇ ਅਦਾਰਿਆਂ 'ਤੇ ਹਮਲਾ ਕੀਤਾ ਹੈ। 1948 ਵਿਚ ਫਲਸਇਜ਼ਰਾਇਲੀ ਫੌਜ ਨੇ ਫਲਸਤੀਨ ਦੇ ਨੁਸੈਰਤ ਤੋਂ 4 ਇਜ਼ਰਾਈਲੀ ਬੰਧਕਾਂ ਨੂੰ ਛੁਡਾਉਣ ਲਈ 'ਸਮਰ ਸੀਡਜ਼' ਨਾਮ ਦਾ ਇੱਕ ਗੁੰਝਲਦਾਰ ਅਤੇ ਖਤਰਨਾਕ ਆਪ੍ਰੇਸ਼ਨ ਕੀਤਾ। ਫੌਜ ਨੇ ਬੰਧਕਾਂ ਨੂੰ ਛੁਡਾਉਣ ਲਈ ਅਡਵਾਂਸ ਮਾਡਲ ਹਥਿਆਰ ਅਤੇ ਆਪਰੇਸ਼ਨ ਲਈ ਵਿਸ਼ੇਸ਼ ਸਿਖਲਾਈ ਲਈ। ਇਸ ਮਿਸ਼ਨ ਵਿੱਚ ਇੱਕ ਵਿਸ਼ੇਸ਼ ਹੈਲੀਕਾਪਟਰ ਦੀ ਵੀ ਵਰਤੋਂ ਕੀਤੀ ਗਈ। ਫੌਜ ਮੁਤਾਬਕ ਸੰਘਣੀ ਆਬਾਦੀ ਦੇ ਵਿਚਕਾਰ ਬੰਧਕਾਂ ਨੂੰ ਰੱਖੇ ਜਾਣ ਕਾਰਨ ਇਹ ਮਿਸ਼ਨ ਬੇਹੱਦ ਚੁਣੌਤੀਪੂਰਨ ਸੀ। ਇਸ ਤੋਂ ਇਲਾਵਾ ਹਮਾਸ ਲਗਾਤਾਰ ਬੰਧਕਾਂ ਨੂੰ ਇਕ ਥਾਂ ਤੋਂ ਦੂਜੀ ਥਾਂ ਲਿਜਾ ਰਿਹਾ ਸੀ, ਜਿਸ ਨਾਲ ਮਿਸ਼ਨ ਨੂੰ ਬਹੁਤ ਮੁਸ਼ਕਲ ਬਣਾ ਰਿਹਾ ਸੀ। ਹਵਾਈ ਸੈਨਾ ਅਤੇ IDF ਨੇ ਖੁਫੀਆ ਜਾਣਕਾਰੀ ਇਕੱਠੀ ਕੀਤੇ ਬਿਨਾਂ ਉਨ੍ਹਾਂ ਨੂੰ ਬਚਾਉਣ ਲਈ ਮਿਲ ਕੇ ਕੰਮ ਕੀਤਾ।

ਤੀਨੀ ਵਿਦਿਅਕ ਅਦਾਰਿਆਂ 'ਤੇ ਵੀ ਹਮਲਾ ਕੀਤਾ ਗਿਆ ਸੀ।

# ਏਅਰ ਕੈਨੇਡਾ ਦੇ ਜਹਾਜ਼ 'ਚ ਲੱਗੀ ਅਚਾਨਕ ਅੱਗ, ਯਾਤਰੀਆਂ 'ਚ ਮਚੀ ਹਫੜਾ-ਦਫੜੀ (ਵੀਡੀਓ)



ਕੈਨੇਡਾ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਇੱਥੇ ਕੈਨੇਡਾ ਤੋਂ ਪੈਰਿਸ ਜਾ ਰਹੇ ਜਹਾਜ਼ ਵਿਚ ਅਚਾਨਕ ਅੱਗ ਲੱਗ ਗਈ। ਜਾਣਕਾਰੀ ਮੁਤਾਬਕ ਜਹਾਜ਼ ਵਿਚ 389 ਯਾਤਰੀ ਅਤੇ 13 ਕਰੂ ਮੈਂਬਰ ਸਵਾਰ ਸਨ। ਚੰਗੀ ਗੱਲ ਇਹ ਰਹੀ ਕਿ ਪਾਇਲਟ ਦੀ ਸਮਝਦਾਰੀ ਨਾਲ ਇਕ ਵੱਡਾ ਹਾਦਸਾ ਟੱਲ ਗਿਆ। ਪਾਇਲਟ ਨੇ ਅੱਗ ਲੱਗਦੀ ਦੇਖ ਤੁਰੰਤ ਅਧਿਕਾਰੀਆਂ ਨਾਲ ਸੰਪਰਕ ਕੀਤਾ ਅਤੇ ਜਹਾਜ਼ ਟੋਰਾਂਟੋਂ ਏਅਰ ਪੋਰਟ 'ਤੇ ਵਾਪਸ ਉਤਾਰ ਲਿਆ।ਏਅਰ ਪੋਰਟ ਅਥਾਰਿਟੀ ਨਾਲ ਪੁਸ਼ਟੀ ਕੀਤੀ ਕਿ ਕਿਸੇ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਜਹਾਜ਼ ਦੇ ਟੇਕ ਆਫ ਕਰਦਿਆ ਹੀ ਇਸ ਵਿਚ ਅੱਗ ਗਈ। ਅਧਿਕਾਰੀਆਂ ਨੇ ਤੁਰੰਤ ਜਹਾਜ਼ ਨੂੰ ਉਤਾਰਨ ਦੀ ਇਜਾਜ਼ਤ ਦਿੱਤੀ। ਸਾਰੇ ਯਾਤਰੀ ਸੁਰੱਖਿਅਤ ਦੱਸੇ ਜਾ ਰਹੇ ਹਨ। ਜੇਕਰ 4 ਿਮੰਟ ਦੀ ਦੇਰੀ ਹੋ ਜਾਂਦੀ ਤਾਂ ਇਕ ਵੱਡਾ ਹਾਦਸਾ ਵਾਪਰ ਸਕਦਾ ਸੀ। ਤੇਲ ਟੈਂਕਰ ਨੂੰ ਅੱਗ ਲੱਗ ਸਕਦੀ ਸੀ। ਅੱਗ ਲੱਗਣ ਮਗਰੋਂ ਯਾਤਰੀਆਂ ਵਿਚ ਹਫੜਾ- ਦਫੜੀ ਮਚ ਗਈ। ਕੁਝ ਯਾਤਰੀਆਂ ਨੇ ਚੀਕਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਸਨ। ਏ.ਟੀ.ਸੀ ਨੇ ਤੁਰੰਤ ਪ੍ਰਤੀਕਿਰਿਆ ਦਿੱਤੀ ਅਤੇ ਜਹਾਜ਼ ਹੇਠਾਂ ਉਤਾਰ ਲਿਆ ਗਿਆ। ਇਸ ਸਮੇਂ ਹਰ ਕੋਈ ਪਾਇਲਟ ਦੀ ਤਾਰੀਫ਼ ਕਰ ਰਿਹਾ ਹੈ। ਫਿਲਹਾਲ ਅੱਗ ਲੱਗਣ ਦੇ ਕਾਰਨਾਂ ਬਾਰੇ ਕੋਈ ਜਾਣਕਾਰੀ ਨਹੀਂ ਹੈ। ਜਾਂਚ ਮਗਰੋਂ ਦੁਬਾਰਾ ਜਹਾਜ਼ ਦੁਬਾਰਾ ਰਨਵੇਅ 'ਤੇ ਲਿਆਂਦਾ ਗਿਆ।

# ਹੂਤੀ ਬਾਗੀਆਂ ਨੇ ਅਦਨ ਦੀ ਖਾੜੀ 'ਚ ਦੋ ਸਮੁੰਦਰੀ ਜਹਾਜ਼ਾਂ 'ਤੇ ਕੀਤਾ ਮਿਜ਼ਾਈਲ ਹਮਲਾ



ਯਮਨ ਦੇ ਹੂਤੀ ਬਾਗੀਆਂ ਵੱਲੋਂ ਅਦਨ ਦੀ ਖਾੜੀ ਵਿੱਚ ਕੀਤੇ ਗਏ ਮਿਜ਼ਾਈਲ ਹਮਲੇ ਵਿੱਚ ਦੋ ਜਹਾਜ਼ਾਂ ਨੂੰ ਨੁਕਸਾਨ ਪਹੁੰਚਿਆ ਹੈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ ਹੈ। ਅਮਰੀਕੀ ਫੌਜ ਦੀ ਸੈਂਟਰਲ ਕਮਾਂਡ ਨੇ ਕਿਹਾ ਕਿ ਐਂਟੀਗੁਆ ਅਤੇ ਬਾਰਬੁਡਾ ਦੇ ਝੰਡੇ ਵਾਲੇ ਮਾਲਵਾਹਕ ਜਹਾਜ਼ ਉੱਤਰੀ ਨੂੰ ਐਤਵਾਰ ਦੇਰ ਰਾਤ ਐਂਟੀ-ਸ਼ਿਪ ਬੈਲਿਸਟਿਕ ਕਰੂਜ਼ ਮਿਜ਼ਾਈਲ ਨਾਲ ਨਿਸ਼ਾਨਾ ਬਣਾਇਆ ਗਿਆ, ਜਿਸ ਨਾਲ ਜਹਾਜ਼ ਨੂੰ ਅੱਗ ਲੱਗ ਗਈ ਅਤੇ ਜਹਾਜ਼ ਵਿਚ ਸਵਾਰ ਸਾਰਿਆਂ ਨੂੰ ਬਾਹਰ ਕੱਢਣ ਲਈ ਮਜਬੂਰ ਕੀਤਾ ਗਿਆ। ਫੌਜ ਨੇ ਕਿਹਾ ਕਿ ਉਸ ਜਹਾਜ਼ 'ਤੇ ਦੋ ਵਾਰ ਮਿਜ਼ਾਈਲਾਂ ਨਾਲ ਹਮਲਾ ਕੀਤਾ ਗਿਆ। ਬ੍ਰਿਟਿਸ਼ ਆਰਮੀ ਦੇ ਮੈਰੀਟਾਈਮ ਟਰੇਡ ਆਪ੍ਰੇਸ਼ਨ ਸੈਂਟਰ ਨੇ ਵੀ ਅਦਨ ਦੇ ਇਸ ਖੇਤਰ 'ਚ ਹਮਲਿਆਂ ਦੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਨੁਕਸਾਨ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਹੂਤੀ ਫੌਜ ਦੇ ਬੁਲਾਰੇ ਬ੍ਰਿਗੇਡੀਅਰ ਜਨਰਲ ਯਾਹਿਆ ਸਰੀ ਨੇ ਐਤਵਾਰ ਨੂੰ ਇੱਕ ਵੀਡੀਓ ਸੰਦੇਸ਼ ਵਿੱਚ ਹਮਲੇ ਦੀ ਜ਼ਿੰਮੇਵਾਰੀ ਲੈਂਦੇ ਹੋਏ ਕਿਹਾ ਕਿ ਜਹਾਜ਼ ਨੂੰ ਮਿਜ਼ਾਈਲਾਂ ਅਤੇ ਡਰੋਨ ਦੋਵਾਂ ਦੁਆਰਾ ਨਿਸ਼ਾਨਾ ਬਣਾਇਆ ਗਿਆ ਸੀ। ਦ ਐਸੋਸੀਏਟਿਡ ਪ੍ਰੈਸ ਦੁਆਰਾ ਕੀਤੇ ਗਏ ਇੱਕ ਵਿਸ਼ਲੇਸ਼ਣ ਤੋਂ ਪਤਾ ਲੱਗਾ ਹੈ ਕਿ ਉੱਤਰੀ ਜਹਾਜ਼ ਐਤਵਾਰ ਦੁਪਹਿਰ ਤੱਕ ਅਦਨ ਦੀ ਖਾੜੀ ਵਿੱਚ ਅਜੇ ਵੀ ਸੀ। ਹੂਤੀ ਬਾਗੀਆਂ ਨੇ ਦੂਜੇ ਹਮਲੇ ਵਿੱਚ ਅਦਨ ਦੀ ਖਾੜੀ ਵਿੱਚ ਲਾਈਬੇਰੀਅਨ-ਝੰਡੇ ਵਾਲੇ ਕਾਰਗੋ ਜਹਾਜ਼ ਤਵੀਸ਼ੀ ਨੂੰ ਬੈਲਿਸਟਿਕ ਮਿਜ਼ਾਈਲ ਨਾਲ ਨਿਸ਼ਾਨਾ ਬਣਾਇਆ। ਸਰੀ ਨੇ ਦਾਅਵਾ ਕੀਤਾ ਕਿ ਇਹ ਹਮਲਾ ਅਰਬ ਸਾਗਰ ਵਿੱਚ ਕੀਤਾ ਗਿਆ ਸੀ, ਹਾਲਾਂਕਿ ਇਸ ਦਾ ਕੋਈ ਸਬੂਤ ਨਹੀਂ ਦਿੱਤਾ ਗਿਆ। ਅੰਕੜਿਆਂ ਤੋਂ ਪਤਾ ਲੱਗਾ ਹੈ ਕਿ ਹਮਲੇ ਦੇ ਸਮੇਂ ਤਾਵੀਸ਼ੀ ਅਦਨ ਦੀ ਖਾੜੀ ਵਿਚ ਸੀ।

# ਗਾਜ਼ਾ ਯੁੱਧ ਨੂੰ ਲੈ ਕੇ ਅਮਰੀਕੀ ਕੌਂਸਲੇਟ ਦੀ ਭੰਨਤੋੜ, ਆਸਟ੍ਰੇਲੀਆਈ PM ਨੇ ਕੀਤੀ ਇਹ ਅਪੀਲ



ਬੀਤੇ ਦਿਨੀਂ ਸਿਡਨੀ ਵਿੱਚ ਅਮਰੀਕੀ ਵਣਜ ਦੂਤਘਰ ਵਿੱਚ ਭੰਨ-ਤੋੜ ਕੀਤੀ ਗਈ। ਇਸ ਮਗਰੋਂ ਆਸਟ੍ਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਨੇ ਸੋਮਵਾਰ ਨੂੰ ਇਜ਼ਰਾਈਲ-ਫਲਸਤੀਨੀ ਦੇ ਦੋਵਾਂ ਪਾਸਿਆਂ ਦੇ ਕਾਰਕੁਨਾਂ ਨੂੰ “ਸ਼ਾਂਤੀ” ਬਣਾਈ ਰੱਖਣ ਦੀ ਅਪੀਲ ਕੀਤੀ। ਪੁਲਸ ਦੇ ਇੱਕ ਬਿਆਨ ਵਿੱਚ ਕਿਹਾ ਗਿਆ ਕਿ ਸੀ.ਸੀ.ਟੀ.ਵੀ ਫੁਟੇਜ ਵਿੱਚ ਦਿਖਾਇਆ ਗਿਆ ਹੈ ਕਿ ਇੱਕ ਵਿਅਕਤੀ ਨੇ ਗੂੜ੍ਹੇ ਰੰਗ ਦੀ ਹੂਡੀ ਪਹਿਨੇ ਇੱਕ ਛੋਟੇ ਹਥੌੜੇ ਦੀ ਵਰਤੋਂ ਕਰਦਿਆਂ ਉੱਤਰੀ ਸਿਡਨੀ ਵਿੱਚ ਸਵੇਰੇ 3 ਵਜੇ ਤੋਂ ਬਾਅਦ ਇਮਾਰਤ ਦੀਆਂ ਮਜਬੂਤ ਸ਼ੀਸ਼ੇ ਦੀਆਂ ਖਿੜਕੀਆਂ ਵਿੱਚ ਨੌਂ ਛੇਕ ਕੀਤੇ।ਇਮਾਰਤ ਦੇ ਸਾਹਮਣੇ ਦੋ ਉਲਟੇ ਲਾਲ ਤਿਕੋਣ ਵੀ ਪੇਂਟ ਕੀਤੇ ਗਏ, ਜਿਨ੍ਹਾਂ ਨੂੰ ਬਹੁਤ ਸਾਰੇ ਲੋਕਾਂ ਦੁਆਰਾ ਫਲਸਤੀਨੀ ਵਿਰੋਧ ਦੇ ਪ੍ਰਤੀਕ ਵਜੋਂ ਦੇਖਿਆ ਜਾਂਦਾ ਹੈ।ਪ੍ਰਧਾਨ ਮੰਤਰੀ ਅਲਬਾਨੀਜ਼ ਨੇ ਲੋਕਾਂ ਨੂੰ "ਸਤਿਕਾਰਯੋਗ ਰਾਜਨੀਤਿਕ ਬਹਿਸ ਅਤੇ ਭਾਸ਼ਣ" ਕਰਨ ਦੀ ਅਪੀਲ ਕੀਤੀ। ਅਲਬਾਨੀਜ਼ ਨੇ ਪੱਤਰਕਾਰਾਂ ਨੂੰ ਕਿਹਾ, "ਮੱਧ ਪੂਰਬ ਵਿੱਚ ਜੋ ਕੁਝ ਹੋ ਰਿਹਾ ਹੈ, ਉਸ ਤੋਂ ਲੋਕ ਸਦਮੇ ਵਿੱਚ ਹਨ, ਖਾਸ ਤੌਰ 'ਤੇ ਉਹ ਲੋਕ ਜਿਨ੍ਹਾਂ ਦੇ ਰਿਸ਼ਤੇਦਾਰ ਇਜ਼ਰਾਈਲ ਜਾਂ ਫਲਸਤੀਨ ਦੇ ਕਬਜ਼ੇ ਵਾਲੇ ਖੇਤਰਾਂ ਵਿੱਚ ਹਨ।" ਅਲਬਾਨੀਜ਼ ਮੁਤਾਬਕ ਉਹ ਸਿਰਫ ਸ਼ਾਂਤੀ ਬਣਾਈ ਰੱਖਣ ਲਈ ਕਹਿ ਰਹੇ ਹਨ ਅਤੇ ਯੂ.ਐਸ ਕੌਂਸਲੇਟ ਨੂੰ ਪੇਂਟ ਕਰਨ ਵਰਗੇ ਉਪਾਅ ਉਨ੍ਹਾਂ ਦੇ ਹਿੱਤ ਵਿਚ ਕੁਝ ਨਹੀਂ ਕਰਨਗੇ।

# ਇਟਲੀ 'ਚ ਸ਼ਰਧਾ ਨਾਲ ਮਨਾਈ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੀ ਸਲਾਨਾ ਬਰਸੀ



ਵਿਦਿਆ ਦੇ ਚਾਨਣ ਮੁਨਾਰੇ ਮਹਾਨ ਪਰਉਪਕਾਰੀ ਬ੍ਰਹਮ ਗਿਆਨੀ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੀ 74ਵੀ ਬਰਸੀ ਨੂੰ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸੰਗਤਾਂ ਵੱਲੋਂ ਬੜੀ ਚੜ੍ਹਦੀ ਕਲਾ ਦੇ ਨਾਲ ਮਨਾਇਆ ਜਾ ਰਿਹਾ ਹੈ। ਜਿੱਥੇ ਪੰਜਾਬ ਦੀ ਧਰਤੀ 'ਤੇ ਕਸਬਾ ਭਲੱਥ, ਬੇਗੋਵਾਲ ਵਿਖੇ ਪਿਛਲੇ ਦਿਨੀ ਵੱਡੇ ਸਮਾਗਮ ਕਰਵਾਏ ਗਏ ਸਨ ਉੱਥੇ ਹੀ ਵਿਦੇਸ਼ਾਂ ਵਿੱਚ ਵੱਸਦੀਆਂ ਸੰਗਤਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਜੀ ਦੀ ਬਰਸੀ ਨੂੰ ਬੜੀ ਚੜ੍ਹਦੀ ਕਲਾ ਤੇ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਜਾ ਰਿਹਾ ਹੈ।ਦੂਜੇ ਪਾਸੇ ਰਿਪੋਰਟ ਵਿਚ ਕੀਤੀਆਂ ਟਿੱਪਣੀਆਂ ਬਾਰੇ ਕਾਰਲਟਨ ਯੂਨੀਵਰਸਿਟੀ ਵਿਚ ਐਸੋਸੀਏਟ ਪ੍ਰੋਫੈਸਰ ਅਤੇ ਸਾਬਕਾ ਕੌਮੀ ਸੁਰੱਖਿਆ ਵਿਸ਼ਲੇਸ਼ਕ ਸਟੈਫਨੀ ਕਾਰਵਿਨ ਨੇ ਕਿਹਾ ਕਿ ਭਾਰਤ ਕੋਲ ਦੋ ਖੁਫੀਆ ਏਜੰਸੀਆਂ ਮੌਜੂਦ ਹਨ ਅਤੇ ਉਹ ਕੈਨੇਡਾ ਨੂੰ ਇਕ ਖਤਰੇ ਵਜੋਂ ਵੇਖਦੇ ਹਨ। ਉਹ ਚੰਗੀ ਤਰ੍ਹਾਂ ਜਾਣਦੇ ਹਨ ਕਿ ਉਹ ਕੀ ਕਰ ਰਹੇ ਹਨ ਅਤੇ ਸਮੇਂ ਦੇ ਨਾਲ ਨਾਲ ਸਰਗਰਮੀਆਂ ਹੋਰ ਵਧਦੀਆਂ ਜਾ ਰਹੀਆਂ ਹਨ। ਭਾਰਤ ਸਰਕਾਰ ਦਾ ਮੰਨਣਾ ਹੈ ਕਿ ਕੈਨੇਡਾ ਖਾਲਿਸਤਾਨੀ ਲਹਿਰ ਦਾ ਗੜ੍ਹ ਹੈ। ਰਿਪੋਰਟ ਵਿਚ ਵੀ ਇਸ ਗੱਲ ਦਾ ਜ਼ਿਕਰ ਕੀਤਾ ਗਿਆ ਹੈ ਕਿ ਕਿਸੇ ਵੇਲੇ ਕੈਨੇਡਾ ਵਿਚ ਸਰਗਰਮ ਖਾਲਿਸਤਾਨ ਹਮਾਇਤੀਆਂ ਵੱਲ ਹੀ ਧਿਆਨ ਕੇਂਦਰਤ ਹੁੰਦਾ ਸੀ ਪਰ ਹੁਣ ਘੇਰਾ ਵਧਦਾ ਜਾ ਰਿਹਾ ਹੈ ਅਤੇ ਕੈਨੇਡੀਅਨ ਲੋਕਤੰਤਰੀ ਸੰਸਥਾਵਾਂ ਵਿਚ ਦਖਲ ਦੇਣ ਦੇ ਯਤਨ ਵੀ ਹੋ ਰਹੇ ਹਨ। ਉਧਰ ਵਿਰੋਧੀ ਧਿਰ ਦੇ ਆਗੂ ਪਿਅਰੇ ਪੌਲੀਵਰੇ ਨੇ ਲਿਬਰਲ ਸਰਕਾਰ ਨੂੰ ਸੱਦਾ ਦਿਤਾ ਹੈ ਕਿ ਵਿਦੇਸ਼ੀ ਸਰਕਾਰਾਂ ਦੀ ਮਦਦ ਕਰਨ ਵਾਲੇ ਐਮ.ਪੀਜ਼ ਦੇ ਨਾਂ ਜਨਤਕ ਕੀਤੇ ਜਾਣ ਪਰ ਲੋਕ ਸੁਰੱਖਿਆ ਮੰਤਰੀ ਡੌਮੀਨਿਕ ਲੀਬਲੈਂਕ ਨੇ ਕਿਹਾ ਕਿ ਸਿਰਫ਼ ਸ਼ੱਕ ਦੇ ਆਧਾਰ ’ਤੇ ਨਾਂ ਜਨਤਕ ਕਰਨੇ ਵਾਜਬ ਨਹੀਂ ਹੋਣਗੇ।ਇਟਲੀ ਦੇ ਗੁਰਦੁਆਰਾ ਸਿੰਘ ਸਭਾ ਪੁਨਤੀਨੀਆ ਨਵੀਂ ਇਮਾਰਤ 47 ਨੰਬਰ ਰੋਡ ਵਿਖੇ ਬਰਸੀ ਨੂੰ ਸੰਬੰਧਿਤ ਕਰਵਾਏ ਗਏ ਸਮਾਗਮਾਂ ਵਿੱਚ ਸੰਗਤਾਂ ਦਾ ਭਾਰੀ ਇਕੱਠ ਵੇਖਣ ਨੂੰ ਮਿਲਿਆ। ਇਸ ਦੌਰਾਨ ਹਾਜੂਰੀ ਰਾਗੀ ਜਥਾ ਭਾਈ ਮਨਿੰਦਰ ਸਿੰਘ ਜੀ ਖਾਲਸਾ ਬਟਾਲੇ ਵਾਲਿਆਂ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਗੁਰ ਇਤਿਹਾਸ ਸਰਵਣ ਕਰਵਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਹਰੋਂ ਆਈਆਂ ਹੋਈਆਂ ਸੰਗਤਾਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਆਗੂਆਂ ਦਾ ਗੁਰੂ ਸਾਹਿਬ ਦੀ ਬਖਸ਼ਿਸ਼ ਸਿਰੋਪਾ ਨਾਲ ਸਨਮਾਨ ਕੀਤਾ ਗਿਆ। ਨੌਜਵਾਨਾਂ ਵੱਲੋਂ ਬੜੇ ਹੀ ਉਤਸਾਹ ਦੇ ਨਾਲ ਲੰਗਰਾਂ ਵਿੱਚ ਹਿੱਸੇ ਪਾਏ ਗਏ ਅਤੇ ਆਈਆਂ ਹੋਈਆਂ ਸੰਗਤਾਂ ਨੂੰ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਇਸ ਮੌਕੇ ਬੋਲਦੇ ਹੋਏ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਦਲਜੀਤ ਸਿੰਘ ਸੋਢੀ ਹੁਣਾਂ ਨੇ ਆਖਿਆ ਕਿ ਅਗਲੇ ਸਾਲ ਨੂੰ ਬਾਬਾ ਜੀ ਦੀ 75ਵੀਂ ਬਰਸੀ ਨੂੰ ਹੋਰ ਵੀ ਚੜਦੀ ਕਲਾ ਅਤੇ ਸ਼ਰਧਾ ਦੇ ਨਾਲ ਮਨਾ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਜਾਣਗੀਆਂ। ਉਨ੍ਹਾਂ ਆਈਆਂ ਹੋਈਆਂ ਸੰਗਤਾਂ ਦਾ ਵੀ ਧੰਨਵਾਦ ਕੀਤਾ।

# ਲੋਕਾਂ ਦੀ ਪਸੰਦ 'ਤੇ ਖਰੀ ਉਤਰੀ ਫ਼ਿਲਮ 'ਨੀ ਮੈਂ ਸੱਸ ਕੁੱਟਣੀ 2'



ਪੰਜਾਬੀ ਫ਼ਿਲਮ 'ਨੀ ਮੈਂ ਸੱਸ ਕੁੱਟਣੀ 2' ਸਿਨੇਮਾਘਰਾਂ 'ਚ ਰਿਲੀਜ਼ ਹੋ ਗਈ ਹੈ। ਇਸ ਫਿਲਮ ਨੂੰ ਲੈ ਕੇ ਦਰਸ਼ਕਾਂ ਦੇ ਰੀਵਿਊਜ਼ ਵੀ ਸਾਹਮਣੇ ਆ ਗਏ ਹਨ। ਦਰਸ਼ਕ, ਜੋ ਇਸ ਫਿਲਮ ਨੂੰ ਸਿਨੇਮਾਘਰਾਂ 'ਚੋਂ ਦੇਖ ਕੇ ਬਾਹਰ ਨਿਕਲ ਰਹੇ ਹਨ, ਉਨ੍ਹਾਂ ਵਲੋਂ ਇਸ ਫ਼ਿਲਮ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਕੁਝ ਲੋਕਾਂ ਦਾ ਕਹਿਣਾ ਹੈ ਕਿ 'ਨੀ ਮੈਂ ਸੱਸ ਕੁੱਟਣੀ 2' ਫ਼ਿਲਮ ਆਪਣੇ ਪਹਿਲੇ ਭਾਗ ਨਾਲੋਂ ਵੀ ਬਿਹਤਰ ਫਿਲਮ ਬਣ ਕੇ ਸਾਹਮਣੇ ਆਈ ਹੈ। ਦਰਸ਼ਕਾਂ ਵਲੋਂ ਜਿਥੇ 'ਨੀ ਮੈਂ ਸੱਸ ਕੁੱਟਣੀ 1' ਨੂੰ ਬੇਹੱਦ ਪਸੰਦ ਕੀਤਾ ਗਿਆ ਸੀ, ਉਥੇ ਇਹ ਫਿਲਮ ਉਨ੍ਹਾਂ ਨੂੰ ਪਹਿਲੀ ਫਲਮ ਨਾਲੋਂ ਵੀ ਬਿਹਤਰ ਮਹਿਸੂਸ ਹੋਈ ਹੈ।ਦੱਸ ਦੇਈਏ ਕਿ ਫਿਲਮ 'ਚ ਅਨੀਤਾ ਦੇਵਗਨ, ਨਿਰਮਲ ਰਿਸ਼ੀ, ਗੁਰਪ੍ਰੀਤ ਘੁੱਗੀ, ਕਰਮਜੀਤ ਅਨਮੋਲ, ਮਹਿਤਾਬ ਵਿਰਕ, ਤਨਵੀ ਨਾਗੀ, ਹਾਰਬੀ ਸੰਘਾ, ਸ਼ਵਿੰਦਰ ਮਾਹਲ, ਨਿਸ਼ਾ ਬਾਨੋ, ਅਕਸ਼ਿਤਾ ਸ਼ਰਮਾ, ਮਲਕੀਤ ਰੌਣੀ, ਦਿਲਨੂਰ ਕੌਰ, ਆਕਾਂਕਸ਼ਾ ਸਰੀਨ, ਰੁਪਿੰਦਰ ਰੂਪੀ, ਸੁਖਵਿੰਦਰ ਰਾਜ, ਰਵਿੰਦਰ ਮੰਡ, ਅਮਰੀਨ ਭੁੱਲਰ ਤੇ ਹਰਨਿਧ ਸਿੰਘ ਹੈਰੀ ਅਹਿਮ ਕਿਰਦਾਰਾਂ 'ਚ ਨਜ਼ਰ ਆਉਣ ਵਾਲੇ ਹਨ। ਫਿਲਮ ਨੂੰ ਮੋਹਿਤ ਬਨਵੈਤ ਵਲੋਂ ਲਿਖਿਆ ਤੇ ਡਾਇਰੈਕਟ ਕੀਤਾ ਗਿਆ ਹੈ।

# ਪੰਜਾਬ-ਹਰਿਆਣਾ ਦੀ ਜੁਗਲਬੰਦੀ ਦੇਖ ਬੇਹੱਦ ਖ਼ੁਸ਼ ਹੋਣਗੇ ਲੋਕ



ਪੰਜਾਬੀ ਫ਼ਿਲਮ 'ਕੁੜੀ ਹਰਿਆਣੇ ਵੱਲ ਦੀ' 14 ਜੂਨ ਨੂੰ ਸਿਨੇਮਾਘਰਾਂ 'ਚ ਰਿਲੀਜ਼ ਹੋਣ ਜਾ ਰਹੀ ਹੈ। ਇਸ ਫ਼ਿਲਮ ਨੂੰ ਵੱਡੇ ਪੱਧਰ 'ਤੇ ਦੇਸ਼ ਦੇ ਵੱਖ-ਵੱਖ ਸੂਬਿਆਂ 'ਚ ਰਿਲੀਜ਼ ਕੀਤਾ ਜਾ ਰਿਹਾ ਹੈ। ਹਾਲ ਹੀ 'ਚ ਫ਼ਿਲਮ ਦੇ ਟਰੇਲਰ ਲਾਂਚ ਲਈ ਐਮੀ ਵਿਰਕ ਤੇ ਸੋਨਮ ਬਾਜਵਾ ਮੁੰਬਈ 'ਚ ਸਨ। ਮੁੰਬਈ 'ਚ ਐਮੀ ਨਾਲ ਆਪਣੇ ਫ਼ਿਲਮੀ ਸਫ਼ਰ ਬਾਰੇ ਗੱਲਬਾਤ ਕਰਦਿਆਂ ਸੋਨਮ ਨੇ ਕਿਹਾ, 'ਐਮੀ ਨਾਲ ਕੰਮ ਕਰਨਾ ਹਮੇਸ਼ਾ ਹੀ ਮਜ਼ੇਦਾਰ ਸਫ਼ਰ ਰਿਹਾ ਹੈ। ਮੇਰੀਆਂ ਆਖਰੀ 2 ਫ਼ਿਲਮਾਂ ਐਮੀ ਨਾਲ ਹੀ ਸ਼ੂਟ ਹੋਈਆਂ ਹਨ। ਐਮੀ ਨਾਲ 'ਕੁੜੀ ਹਰਿਆਣੇ ਵੱਲ ਦੀ' ਮੇਰੀ 6ਵੀਂ ਫ਼ਿਲਮ ਹੈ ਤੇ ਹਮੇਸ਼ਾ ਐਮੀ ਨਾਲ ਕੰਮ ਕਰ ਕੇ ਵਧੀਆ ਲੱਗਦਾ ਹੈ। ਇਸ ਸਾਲ ਐਮੀ ਨਾਲ ਮੇਰੀਆਂ 2 ਫ਼ਿਲਮਾਂ ਰਿਲੀਜ਼ ਹੋ ਰਹੀਆਂ ਹਨ।ਇਸ ਦੌਰਾਨ ਐਮੀ ਵਿਰਕ ਨੇ ਪੰਜਾਬੀ ਫ਼ਿਲਮਾਂ ਦੇ ਦੇਸ਼ ਦੇ ਵੱਖ-ਵੱਖ ਸੂਬਿਆਂ 'ਚ ਵਧਦੇ ਪ੍ਰਭਾਵ ਤੇ ਬਾਲੀਵੁੱਡ-ਸਾਊਥ ਦੀਆਂ ਫ਼ਿਲਮਾਂ ਬਾਰੇ ਖੁੱਲ੍ਹ ਕੇ ਗੱਲਬਾਤ ਕੀਤੀ। ਐਮੀ ਨੇ ਕਿਹਾ, 'ਹਰ ਚੀਜ਼ ਦੀ ਹੌਲੀ-ਹੌਲੀ ਸ਼ੁਰੂਆਤ ਹੁੰਦੀ ਹੈ। ਪਹਿਲਾਂ ਦਿਲਜੀਤ ਦੋਸਾਂਝ ਤੇ ਗਿੱਪੀ ਗਰੇਵਾਲ ਮੁੰਬਈ ਆਏ ਤੇ ਹੁਣ ਅਸੀਂ ਆਏ ਹਾਂ। 'ਕੁੜੀ ਹਰਿਆਣੇ ਵੱਲ ਦੀ' ਸਿਰਫ਼ ਪੰਜਾਬ ਹੀ ਨਹੀਂ, ਸਗੋਂ ਹਰਿਆਣਾ 'ਚ ਜ਼ਿਆਦਾਤਰ ਸ਼ੂਟ ਕੀਤੀ ਗਈ ਹੈ। ਦੋਵਾਂ ਸੂਬਿਆਂ ਦੀ ਜੁਗਲਬੰਦੀ ਦੇਖ ਕੇ ਲੋਕ ਬੇਹੱਦ ਖ਼ੁਸ਼ ਹੋਣ ਵਾਲੇ ਹਨ।''ਫ਼ਿਲਮ ਦੀ ਸਟਾਰ ਕਾਸਟ ਦੀ ਗੱਲ ਕਰੀਏ ਤਾਂ ਇਸ 'ਚ ਐਮੀ ਵਿਰਕ ਤੇ ਸੋਨਮ ਬਾਜਵਾ ਮੁੱਖ ਭੂਮਿਕਾ ਨਿਭਾਅ ਰਹੇ ਹਨ। ਇਨ੍ਹਾਂ ਦੋਵਾਂ ਤੋਂ ਇਲਾਵਾ ਫ਼ਿਲਮ 'ਚ ਅਜੇ ਹੁੱਡਾ, ਯੋਗਰਾਜ ਸਿੰਘ, ਯਸ਼ਪਾਲ ਸ਼ਰਮਾ, ਹਰਦੀਪ ਗਿੱਲ, ਹਨੀ ਮੱਟੂ, ਸੀਮਾ ਕੌਸ਼ਲ, ਮਹਾਬੀਰ ਭੁੱਲਰ, ਦੀਦਾਰ ਗਿੱਲ, ਮਨਪ੍ਰੀਤ ਡੋਲੀ ਤੇ ਮਿੰਟੂ ਕਾਪਾ ਵੀ ਅਹਿਮ ਕਿਰਦਾਰਾਂ 'ਚ ਨਜ਼ਰ ਆਉਣ ਵਾਲੇ ਹਨ।

ਫ਼ਿਲਮ ਦੇ ਲੇਖਕ ਤੇ ਡਾਇਰੈਕਟਰ ਰਾਕੇਸ਼ ਧਵਨ ਹਨ। ਇਹ ਫ਼ਿਲਮ ਪਵਨ ਗਿੱਲ, ਅਮਨ ਗਿੱਲ ਤੇ ਸੰਨੀ ਗਿੱਲ ਵੱਲੋਂ ਪ੍ਰੋਡਿਊਸ ਕੀਤੀ ਗਈ ਹੈ, ਜੋ ਰਮਾਰਾ ਫ਼ਿਲਮਜ਼ ਦੀ ਪੇਸ਼ਕਸ਼ ਹੈ। ਦੁਨੀਆ ਭਰ 'ਚ ਇਹ ਫ਼ਿਲਮ 14 ਜੂਨ, 2024 ਨੂੰ ਰਿਲੀਜ਼ ਹੋਣ ਜਾ ਰਹੀ ਹੈ।

# 'ਚੰਦੂ ਚੈਂਪੀਅਨ' ਦਾ ਨਵਾਂ ਗੀਤ ਰਿਲੀਜ਼, 'ਸਰਫੀਰਾ' 'ਚ ਨਜ਼ਰ ਆਇਆ ਕਾਰਤਿਕ ਆਰੀਅਨ ਦਾ ਦਮਦਾਰ ਅੰਦਾਜ਼ ਨੇ ਰਿਲੀਜ਼ ਕਰਨ ਦੀ ਦਿੱਤੀ ਇਜਾਜ਼ਤ






ਕਾਰਤਿਕ ਆਰੀਅਨ ਇਨ੍ਹੀਂ ਦਿਨੀਂ ਆਪਣੀ ਆਉਣ ਵਾਲੀ ਫਿਲਮ 'ਚੰਦੂ ਚੈਂਪੀਅਨ' ਨੂੰ ਲੈ ਕੇ ਸੁਰਖੀਆਂ 'ਚ ਹਨ। ਕਾਰਤਿਕ ਇਸ ਫਿਲਮ 'ਚ ਅਸਲ ਜ਼ਿੰਦਗੀ ਦੇ ਹੀਰੋ ਦੀ ਭੂਮਿਕਾ ਨਿਭਾਉਣ ਲਈ ਪੂਰੀ ਤਰ੍ਹਾਂ ਤਿਆਰ ਹਨ। ਸਾਜਿਦ ਨਾਡਿਆਡਵਾਲਾ ਅਤੇ ਕਬੀਰ ਖਾਨ ਦੁਆਰਾ ਨਿਰਮਿਤ, ਇਹ ਫਿਲਮ 4 ਜੂਨ, 2024 ਨੂੰ ਰਿਲੀਜ਼ ਹੋਣ ਵਾਲੀ ਹੈ। ਫਿਲਮ ਦੇ ਟ੍ਰੇਲਰ ਅਤੇ ਹੁਣ ਤੱਕ ਰਿਲੀਜ਼ ਹੋਏ ਗੀਤਾਂ ਨੂੰ ਦਰਸ਼ਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ।ਅਜਿਹੇ 'ਚ ਨਿਰਮਾਤਾਵਾਂ ਨੇ ਰਿਲੀਜ਼ ਤੋਂ ਪਹਿਲਾਂ ਫਿਲਮ ਨੂੰ ਲੈ ਕੇ ਦਰਸ਼ਕਾਂ ਦਾ ਉਤਸ਼ਾਹ ਵਧਾਉਣ ਲਈ ਫਿਲਮ ਦਾ ਇਕ ਹੋਰ ਗੀਤ ਰਿਲੀਜ਼ ਕੀਤਾ ਹੈ। ਹਾਲ ਹੀ 'ਚ 'ਚੰਦੂ ਚੈਂਪੀਅਨ' ਦਾ ਨਵਾਂ ਗੀਤ 'ਸਰਫੀਰਾ' ਰਿਲੀਜ਼ ਹੋਇਆ ਹੈ। ਇਸ ਗੀਤ ਵਿੱਚ ਕਾਰਤਿਕ ਆਰੀਅਨ ਦਾ ਬਹੁਤ ਹੀ ਜੋਸ਼ੀਲਾ ਅੰਦਾਜ਼ ਦਿਖਾਇਆ ਗਿਆ ਹੈ ਜੋ ਫਿਲਮ ਵਿੱਚ ਉਸ ਦੁਆਰਾ ਨਿਭਾਏ ਗਏ ਕਿਰਦਾਰ ਦੀ ਕਹਾਣੀ ਦੱਸਦਾ ਹੈ।ਗੀਤ ਨੂੰ ਸੋਸ਼ਲ ਮੀਡੀਆ 'ਤੇ ਰਿਲੀਜ਼ ਕਰਦੇ ਹੋਏ ਫਿਲਮ ਨਿਰਮਾਤਾ ਨੇ ਲਿਖਿਆ, 'ਇਹ ਸਾਡੇ ਚੈਂਪੀਅਨ ਲਈ ਗੀਤ ਹੈ, ਜਿਸ ਨੇ ਸਮਰਪਣ ਕਰਨ ਤੋਂ ਇਨਕਾਰ ਕਰ ਦਿੱਤਾ। 'ਸਰਫੀਰਾ' ਆਊਟ ਹੋ ਚੁੱਕੀ ਹੈ। ਇਹ ਫਿਲਮ 14 ਜੂਨ ਨੂੰ ਸਿਨੇਮਾਘਰਾਂ 'ਚ ਰਿਲੀਜ਼ ਹੋਣ ਲਈ ਪੂਰੀ ਤਰ੍ਹਾਂ ਤਿਆਰ ਹੈ।

# ਅੱਜ ਮਨਾਂ ਰਹੀ ਹੈ ਬਾਲੀਵੁੱਡ ਅਦਾਕਾਰਾ ਅਮੀਸ਼ਾ ਪਟੇਲ ਆਪਣਾ ਜਨਮਦਿਨ





ਬਾਲੀਵੁੱਡ ਦੀ ਅਦਾਕਾਰਾ ਅਮੀਸ਼ਾ ਪਟੇਲ ਅੱਜ ਆਪਣਾ 49 ਸਾਲਾਂ ਜਨਮਦਿਨ ਮਨਾ ਰਹੀ ਹੈ। ਇਸ ਅਦਾਕਾਰਾ ਨੇ ਆਪਣੀ ਪਹਿਲੀ ਫ਼ਿਲਮ ਨਾਲ ਹੀ ਹਲਚਲ ਮਚਾ ਦਿੱਤੀ ਸੀ। ਅਦਾਕਾਰਾ ਨੇ ਰਾਕੇਸ਼ ਰੋਸ਼ਨ ਦੀ ਫ਼ਿਲਮ 'ਕਹੋ ਨਾ ਪਿਆਰ ਹੈ ' ਨਾਲ ਆਪਣੇ ਕਰੀਅਰ ਦੀ ਸ਼ੁਰੂਆਤ ਕੀਤੀ ਸੀ। ਅਮੀਸ਼ਾ ਨੇ ਆਪਣੇ ਕਰੀਅਰ 'ਚ ਹਿੱਟ ਤੋਂ ਜ਼ਿਆਦਾ ਫਲਾਪ ਫਿਲਮਾਂ 'ਚ ਕੰਮ ਕੀਤਾ ਹੈ। ਪਹਿਲੀ ਫਿਲਮ 'ਕਹੋ ਨਾ ਪਿਆਰ ਹੈ ' ਰਿਤਿਕ ਰੋਸ਼ਨ ਨਾਲ ਅਦਾਕਾਰਾ ਦੀ ਜੋੜੀ ਨੂੰ ਕਾਫ਼ੀ ਪਸੰਦ ਕੀਤਾ ਗਿਆ ਸੀ। ਰਿਤਿਕ ਨੇ ਵੀ ਇਸ ਫ਼ਿਲਮ ਨਾਲ ਆਪਣੇ ਕਰੀਅਰ ਦੀ ਸ਼ੁਰੂਆਤ ਕੀਤੀ ਸੀ। ਅਮੀਸ਼ਾ ਨੇ ਆਪਣੇ ਕਰੀਅਰ 'ਚ ਇੱਕ ਸੁਪਰ ਬਲਾਕਬਸਟਰ ਅਤੇ ਇੱਕ ਆਲ ਟਾਈਮ ਬਲਾਕਬਸਟਰ ਫ਼ਿਲਮ 'ਚ ਕੰਮ ਕੀਤਾ ਹੈ।ਸੰਨੀ ਦਿਓਲ ਨਾਲ ਉਨ੍ਹਾਂ ਦੀਆਂ ਦੋਵੇਂ ਫਿਲਮਾਂ 'ਗਦਰ' ਅਤੇ 'ਗਦਰ 2' ਨੂੰ ਕਾਫ਼ੀ ਪਸੰਦ ਕੀਤਾ ਗਿਆ ਹੈ।ਉਸ ਨੇ ਇਸ ਫਿਲਮ 'ਚ ਸਕੀਨਾ ਦੀ ਭੂਮਿਕਾ ਨਿਭਾ ਕੇ ਆਪਣਾ ਗੁਆਚਿਆ ਸਟਾਰਡਮ ਮੁੜ ਹਾਸਲ ਕੀਤਾ। ਇੰਨਾ ਹੀ ਨਹੀਂ ਅਮੀਸ਼ਾ ਨੇ ਆਪਣੇ ਕਰੀਅਰ 'ਚ ਕਈ ਬਲਾਕਬਸਟਰ ਫ਼ਿਲਮਾਂ ਨੂੰ ਵੀ ਠੁਕਰਾ ਦਿੱਤਾ ਹੈ।ਦੱਸ ਦਈਏ ਕਿ ਅਮੀਸ਼ਾ ਪਟੇਲ ਨੇ ਸ਼ਾਹਰੁਖ ਖਾਨ ਦੀ ਫ਼ਿਲਮ 'ਚਲਤੇ ਚਲਤੇ' ਦਾ ਆਫਰ ਵੀ ਠੁਕਰਾ ਦਿੱਤਾ ਸੀ। ਇਸ ਤੋਂ ਇਲਾਵਾ ਉਸ ਨੇ ਸੰਜੇ ਦੱਤ ਦੀ ਬਲਾਕਬਸਟਰ ਫ਼ਿਲਮ 'ਮੁੰਨਾ ਭਾਈ' ਅਤੇ ਸਲਮਾਨ ਖਾਨ ਨਾਲ 'ਤੇਰੇ ਨਾਮ' ਫ਼ਿਲਮ ਨੂੰ ਵੀ ਠੁਕਰਾ ਦਿੱਤਾ ਸੀ।

ਤੁਹਾਨੂੰ ਦੱਸ ਦੇਈਏ ਕਿ 49 ਸਾਲ ਦੀ ਉਮਰ ਵਿੱਚ ਵੀ ਅਮੀਸ਼ਾ ਪਟੇਲ ਅੱਜ ਵੀ ਸਿੰਗਲ ਹੈ। ਪਿਛਲੇ ਸਾਲ ਰਿਲੀਜ਼ ਹੋਈ ਉਨ੍ਹਾਂ ਦੀ ਫ਼ਿਲਮ 'ਗਦਰ 2' ਨੇ ਵੀ ਹਲਚਲ ਮਚਾ ਦਿੱਤੀ ਸੀ।

# ਕਾਰਤਿਕ ਆਰਯਨ ਨੇ ਫੇਅਰਨੈੱਸ ਕਰੀਮ-ਪਾਨ ਮਸਾਲਾ ਦੇ ਵਿਗਿਆਪਨ ਕਰਨ ਤੋਂ ਕੀਤਾ ਇਨਕਾਰ



ਕਾਰਤਿਕ ਆਰਯਨ ਨੇ ਫੇਅਰਨੈੱਸ ਕਰੀਮ-ਪਾਨ ਮਸਾਲਾ ਦੇ ਵਿਗਿਆਪਨ ਕਰਨ ਤੋਂ ਕੀਤਾ ਇਨਕਾਰ-ਕਾਰਤਿਕ ਆਰਯਨ ਇੰਡਸਟਰੀ ਦੇ ਬਿਹਤਰੀਨ ਅਦਾਕਾਰਾਂ ਵਿੱਚੋਂ ਇੱਕ ਹਨ। ਫ਼ਿਲਮਾਂ ਤੋਂ ਇਲਾਵਾ ਉਹ ਐਡਜ਼ 'ਚ ਵੀ ਕੰਮ ਕਰ ਚੁੱਕੇ ਹਨ। ਕੁਝ ਸਾਲ ਪਹਿਲਾਂ ਕਾਰਤਿਕ ਨੂੰ ਫੇਅਰਨੈੱਸ ਕ੍ਰੀਮ ਦੇ ਵਿਗਿਆਪਨਾਂ 'ਚ ਦੇਖਿਆ ਗਿਆ ਸੀ ਪਰ ਉਸ ਨੇ ਹੁਣ ਇਹ ਵਿਗਿਆਪਨ ਕਰਨਾ ਬੰਦ ਕਰ ਦਿੱਤਾ ਹੈ। ਇੱਥੋਂ ਤੱਕ ਕਿ ਅਦਾਕਾਰ ਦੁਆਰਾ ਫੇਅਰਨੈੱਸ ਕਰੀਮ ਦਾ ਇਕਰਾਰਨਾਮਾ ਵੀ ਰੀਨਿਊ ਨਹੀਂ ਕੀਤਾ ਗਿਆ ਹੈ। ਇੰਨਾ ਹੀ ਨਹੀਂ ਉਨ੍ਹਾਂ ਨੇ ਪਾਨ ਮਸਾਲਾ ਦੇ ਵਿਗਿਆਪਨ ਤੋਂ ਵੀ ਇਨਕਾਰ ਕਰ ਦਿੱਤਾ ਹੈ। ਇੱਕ ਇੰਟਰਵਿਊ 'ਚ, ਕਾਰਤਿਕ ਨੇ ਫੇਅਰਨੈੱਸ ਕ੍ਰੀਮ ਦੀ ਐਡਜ਼ ਨੂੰ ਬੰਦ ਕਰਨ ਬਾਰੇ ਗੱਲ ਕੀਤੀ। ਕਾਰਤਿਕ ਆਰਯਨ ਦੀ ਆਉਣ ਵਾਲੀ ਫ਼ਿਲਮ 'ਚੰਦੂ ਚੈਂਪੀਅਨ ' ਹੈ, ਅਦਾਕਾਰ ਇਨ੍ਹੀਂ ਦਿਨੀਂ ਇਸ ਦੀ ਪ੍ਰਮੋਸ਼ਨ 'ਚ ਰੁੱਝੇ ਹੋਏ ਹਨ। ਇੰਨਾ ਹੀ ਨਹੀਂ ਉਸ ਨੇ ਇਸ ਐਡ ਦਾ ਇਕਰਾਰਨਾਮਾ ਵੀ ਰੀਨਿਊ ਨਹੀਂ ਕੀਤਾ। ਕਾਰਤਿਕ ਦਾ ਕਹਿਣਾ ਹੈ ਕਿ ਜੇਕਰ ਉਹ ਇਸਨੂੰ ਰੀਨਿਊ ਕਰਦੇ ਹਨ ਤਾਂ ਇਹ ਗਲਤ ਹੋਵੇਗਾ। ਦੱਸ ਦਈਏ ਕਿ ਇਕ ਇੰਟਰਵਿਊ 'ਚ ਕਾਰਤਿਕ ਆਰਯਨ ਨੇ ਵੀ ਪਾਨ ਮਸਾਲਾ ਦੇ ਵਿਗਿਆਪਨ ਬਾਰੇ ਗੱਲ ਕੀਤੀ ਅਤੇ ਕਿਹਾ ਕਿ ਮੈਨੂੰ ਕਈ ਵਾਰ ਪਾਨ ਮਸਾਲਾ ਦਾ ਵਿਗਿਆਪਨ ਦਿੱਤਾ ਗਿਆ ਹੈ। ਕਈ ਬ੍ਰਾਂਡਾਂ ਨੇ ਮੇਰੇ ਕੋਲ ਪਹੁੰਚ ਕੀਤੀ, ਪਰ ਮੈਂ ਇਨਕਾਰ ਕਰ ਦਿੱਤਾ। ਮੈਂ ਇਹਨਾਂ ਚੀਜ਼ਾਂ ਨਾਲ ਸਬੰਧਤ ਨਹੀਂ ਹਾਂ ਤਾਂ ਮੈਂ ਇਹਨਾਂ ਨੂੰ ਆਪਣੇ ਦਰਸ਼ਕਾਂ ਲਈ ਕਿਉਂ ਪੇਸ਼ ਕਰਾਂ। ਮੈਂ ਉਹ ਕੰਮ ਕਰਨ ਤੋਂ ਬਚਣ ਦੀ ਕੋਸ਼ਿਸ਼ ਕਰਦਾ ਹਾਂ ਜੋ ਮੈਨੂੰ ਠੀਕ ਨਹੀਂ ਲੱਗਦਾ। ਇਸ 'ਤੇ ਜਦੋਂ ਕਾਰਤਿਕ ਤੋਂ ਪੁੱਛਿਆ ਗਿਆ ਕਿ ਕੀ ਹੋਰ ਕਲਾਕਾਰ ਅਜਿਹਾ ਕਰਦੇ ਹਨ ਤਾਂ ਕਾਰਤਿਕ ਨੇ ਕਿਹਾ ਕਿ ਮੈਂ ਉਨ੍ਹਾਂ ਬਾਰੇ ਕੁਝ ਨਹੀਂ ਕਹਿ ਸਕਦਾ ਕਿਉਂਕਿ ਸ਼ਾਇਦ ਉਨ੍ਹਾਂ ਲਈ ਅਜਿਹਾ ਕਰਨਾ ਸਹੀ ਹੋਵੇਗਾ। ਮੇਰੇ ਲਈ ਨਹੀਂ।

# ਅਮਿਤਾਭ ਬੱਚਨ ਨੇ ਬੇਟੇ ਅਭਿਸ਼ੇਕ ਨਾਲ ਸ਼ੇਅਰ ਕੀਤੀ ਤਸਵੀਰ



ਅਮਿਤਾਭ ਬੱਚਨ ਨੂੰ ਪੂਰੇ ਬਾਲੀਵੁੱਡ ਦਾ ਮੈਗਾਸਟਾਰ ਕਿਹਾ ਜਾਂਦਾ ਹੈ। ਉਥੇ ਹੀ ਜੇਕਰ ਉਨ੍ਹਾਂ ਦੇ ਬੇਟੇ ਦੀ ਗੱਲ ਕਰੀਏ ਤਾਂ ਅਭਿਸ਼ੇਕ ਬੱਚਨ ਦਾ ਫ਼ਿਲਮੀ ਕਰੀਅਰ ਇੰਨਾ ਸ਼ਾਨਦਾਰ ਨਹੀਂ ਰਿਹਾ। ਅਜਿਹੇ 'ਚ ਹੁਣ ਅਮਿਤਾਭ ਬੱਚਨ ਨੇ ਬੇਟੇ ਅਭਿਸ਼ੇਕ ਨਾਲ ਕੰਮ ਕਰਨ ਦੀ ਯੋਜਨਾ ਬਣਾਈ ਹੈ। ਬਿੱਗ ਬੀ ਨੇ ਸੋਸ਼ਲ ਮੀਡੀਆ 'ਤੇ ਨਵੇਂ ਪ੍ਰੋਜੈਕਟ ਦੀਆਂ ਕੁਝ ਤਸਵੀਰਾਂ ਵੀ ਸ਼ੇਅਰ ਕੀਤੀਆਂ ਹਨ, ਜਿਨ੍ਹਾਂ ਨੂੰ ਪ੍ਰਸ਼ੰਸਕਾਂ ਵਲੋਂ ਬਹੁਤ ਪਸੰਦ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦਾ ਕਹਿਣਾ ਹੈ ਕਿ ਅਮਿਤਾਭ ਆਪਣੇ ਬੇਟੇ ਦੇ ਕਰੀਅਰ ਨੂੰ ਨਵੀਂ ਉਡਾਣ ਦੇ ਰਹੇ ਹਨ।

ਦੱਸ ਦਈਏ ਕਿ ਅਮਿਤਾਭ ਬੱਚਨ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਇਕ ਪੋਸਟ ਸ਼ੇਅਰ ਕੀਤੀ ਹੈ ਅਤੇ ਉਨ੍ਹਾਂ ਨੇ ਲਿਖਿਆ ਹੈ, "ਪਿਤਾ -ਪੁੱਤਰ ਦੋਵੇਂ ਬੈਠੇ ਇਕ ਜਗ੍ਹਾ ਹੀ ਕੰਮ 'ਤੇ, ਜਲਦ ਆਵੇਗੀ ਪਰਦੇ 'ਤੇ ਜੋੜੀ, ਇਨ੍ਹਾਂ ਦੇ ਅਦਭੁੱਤ ਕੰਮ ਲਈ । ਅਮਿਤਾਭ ਬੱਚਨ ਨੇ ਪੁਸ਼ਟੀ ਕੀਤੀ ਹੈ ਕਿ ਉਹ ਜਲਦ ਹੀ ਆਪਣੇ ਬੇਟੇ ਨਾਲ ਵੱਡੇ ਪਰਦੇ 'ਤੇ ਨਜ਼ਰ ਆਉਣਗੇ। ਉਨ੍ਹਾਂ ਨੇ ਇਸ ਦੀਆਂ ਕੁਝ ਰਿਹਰਸਲਾਂ ਦੀਆਂ ਝਲਕੀਆਂ ਸਾਂਝੀਆਂ ਕੀਤੀਆਂ ਹਨ। ਇਸ ਨੂੰ ਦੇਖ ਕੇ ਫੈਨਜ਼ ਖੁਸ਼ ਹਨ ਅਤੇ ਇਸ ਫ਼ਿਲਮ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ। ਅਮਿਤਾਭ ਬੱਚਨ ਦੁਆਰਾ ਸ਼ੇਅਰ ਕੀਤੀ ਗਈ ਫੋਟੋ ਵਿੱਚ ਅਭਿਸ਼ੇਕ ਬੱਚਨ ਰਿਕਾਰਡਿੰਗ ਕਰਦੇ ਨਜ਼ਰ ਆ ਰਹੇ ਹਨ ਜਦੋਂਕਿ ਅਮਿਤਾਭ ਬੱਚਨ ਉਨ੍ਹਾਂ ਦੇ ਕੋਲ ਬੈਠ ਕੇ ਸੁਣ ਰਹੇ ਹਨ। ਦੋਵੇਂ ਇਕ ਹੀ ਕਮਰੇ 'ਚ ਬੈਠ ਕੇ ਇਕ ਨਵੇਂ ਪ੍ਰੋਜੈਕਟ 'ਤੇ ਕੰਮ ਕਰ ਰਹੇ ਹਨ। ਫ਼ਿਲਹਾਲ ਇਸ ਫ਼ਿਲਮ ਦੀ ਕਹਾਣੀ ਅਤੇ ਨਾਮ ਬਾਰੇ ਕੋਈ ਜਾਣਕਾਰੀ ਸਾਹਮਣੇ ਨਹੀਂ ਆਈ ਹੈ।

# ਹੁਣ ਇਸ ਅਦਾਕਾਰ ਨੇ ਜੜਿਆ ਸੰਸਦ ਮੈਂਬਰ ਦੇ ਥੱਪੜ



ਤ੍ਰਿਣਮੂਲ ਕਾਂਗਰਸ ਦੇ ਵਿਧਾਇਕ ਤੇ ਅਭਿਨੇਤਾ ਸੋਹਮ ਚੱਕਰਵਰਤੀ ਨੂੰ ਲੈ ਇਸ ਵੇਲੇ ਦੀ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਇਹ ਖ਼ਬਰ ਵੀ ਅਦਾਕਾਰਾ ਕੰਗਨਾ ਰਣੌਤ ਵਾਂਗ 'ਥੱਪੜ ਸਕੈਂਡਲ' ਨਾਲ ਜੁੜੀ ਹੋਈ ਹੈ।

ਰੈਸਟੋਰੈਂਟ ਮਾਲਕ ਤੋਂ ਮੰਗੀ ਮੁਆਫ਼ੀ

ਦਰਅਸਲ, ਸੋਹਮ ਚੱਕਰਵਰਤੀ ਨੇ TMC ਦੇ ਜਨਰਲ ਸਕੱਤਰ ਅਤੇ ਸੰਸਦ ਮੈਂਬਰ ਅਭਿਸ਼ੇਕ ਬੈਨਰਜੀ ਨਾਲ ਦੁਰਵਿਵਹਾਰ ਕਰਨ ਲਈ ਇੱਕ ਰੈਸਟੋਰੈਂਟ ਮਾਲਕ ਨੂੰ ਜਨਤਕ ਤੌਰ 'ਤੇ ਥੱਪੜ ਮਾਰਿਆ, ਜਿਸ ਨੂੰ ਲੈ ਕੇ ਹੰਗਾਮਾ ਹੋ ਗਿਆ ਹੈ। ਰੈਸਟੋਰੈਂਟ ਦੇ ਮਾਲਕ ਅਨੀਸੁਲ ਆਲਮ ਅਤੇ ਸੋਹਮ ਚੱਕਰਵਰਤੀ ਨੇ ਟੈਕਨੋ ਸਿਟੀ ਪੁਲਸ ਸਟੇਸ਼ਨ 'ਚ ਇਕ-ਦੂਜੇ ਖ਼ਿਲਾਫ਼ ਸ਼ਿਕਾਇਤ ਦਰਜ ਕਰਵਾਈ ਹੈ। ਹਾਲਾਂਕਿ, ਸੋਹਮ ਚੱਕਰਵਰਤੀ ਨੇ ਬਾਅਦ 'ਚ ਰੈਸਟੋਰੈਂਟ ਮਾਲਕ ਨੂੰ ਥੱਪੜ ਮਾਰਨ ਲਈ ਮੁਆਫ਼ੀ ਮੰਗ ਲਈ। ਉਨ੍ਹਾਂ ਕਿਹਾ ਕਿ ਉਹ ਵੀ ਇਨਸਾਨ ਹਨ ਅਤੇ ਉਨ੍ਹਾਂ ਨੂੰ ਉਸ ਸਮੇਂ ਗੁੱਸਾ ਆ ਗਿਆ।

ਜਾਣੋ ਕਿਉਂ ਮਾਰਿਆ ਥੱਪੜ

ਦੱਸਿਆ ਜਾ ਰਿਹਾ ਹੈ ਕਿ ਨਿਊ ਟਾਊਨ 'ਚ ਰੈਸਟੋਰੈਂਟ ਦੇ ਸਾਹਮਣੇ ਕਾਰਾਂ ਦੀ ਪਾਰਕਿੰਗ ਨੂੰ ਲੈ ਕੇ ਸੋਹਮ ਚੱਕਰਵਰਤੀ ਅਤੇ ਉਸ ਦੇ ਆਦਮੀਆਂ ਅਤੇ ਰੈਸਟੋਰੈਂਟ ਮਾਲਕ ਵਿਚਾਲੇ ਝਗੜਾ ਹੋ ਗਿਆ ਸੀ। ਬਹਿਸ ਦੌਰਾਨ ਸੋਹਮ ਚੱਕਰਵਰਤੀ ਨੇ ਰੈਸਟੋਰੈਂਟ ਮਾਲਕ 'ਤੇ ਹਮਲਾ ਕਰ ਦਿੱਤਾ। ਸੋਹਮ ਚੱਕਰਵਰਤੀ ਦੀ ਪੰਚਿੰਗ ਦਾ ਵੀਡੀਓ ਵਾਇਰਲ ਹੋਇਆ ਹੈ।

ਰੈਸਟੋਰੈਂਟ ਦੇ ਮਾਲਕ ਨੇ ਕੀਤਾ ਦਾਅਵਾ

ਰੈਸਟੋਰੈਂਟ ਦੇ ਮਾਲਕ ਨੇ ਦਾਅਵਾ ਕੀਤਾ ਕਿ ਉਸ ਨੇ ਸ਼ਨੀਵਾਰ ਦੇਰ ਸ਼ਾਮ ਆਪਣੇ ਰੈਸਟੋਰੈਂਟ ਦੇ ਇੱਕ ਹਿੱਸੇ 'ਚ 'ਮੁਫ਼ਤ' ਸ਼ੂਟਿੰਗ ਦੀ ਇਜਾਜ਼ਤ ਦਿੱਤੀ ਸੀ। ਅਨੀਸੁਲ ਆਲਮ ਨੇ ਦੱਸਿਆ ਕਿ ਸੋਹਮ ਚੱਕਰਵਰਤੀ ਅਤੇ ਉਸ ਦੇ ਬੰਦਿਆਂ ਦੀਆਂ ਕਾਰਾਂ ਪੂਰੀ ਪਾਰਕਿੰਗ 'ਚ ਖੜ੍ਹੀਆਂ ਸਨ। ਮੇਰੇ ਸਟਾਫ਼ ਨੇ ਉਸ ਦੇ ਆਦਮੀਆਂ ਨੂੰ ਆਪਣੀਆਂ ਕਾਰਾਂ ਲਿਜਾਣ ਲਈ ਕਿਹਾ ਕਿਉਂਕਿ ਹੋਰ ਗਾਹਕ ਆਪਣੀਆਂ ਕਾਰਾਂ ਪਾਰਕ ਕਰਨ ਦੇ ਯੋਗ ਨਹੀਂ ਸਨ। ਅਭਿਨੇਤਾ ਦੇ ਬੰਦਿਆਂ ਨੇ ਉਸ ਨੂੰ ਦੱਸਿਆ ਕਿ ਉਹ ਇੱਕ ਵਿਧਾਇਕ ਹੈ ਅਤੇ ਟੀ. ਐੱਮ. ਸੀ. ਦੇ ਰਾਸ਼ਟਰੀ ਜਨਰਲ ਸਕੱਤਰ ਅਭਿਸ਼ੇਕ ਬੈਨਰਜੀ ਦਾ ਬਹੁਤ ਕਰੀਬੀ ਦੋਸਤ ਹੈ।

ਅਨੀਸੁਲ ਆਲਮ ਦਾ ਗੰਭੀਰ ਦੋਸ਼

ਅਨੀਸੁਲ ਆਲਮ ਨੇ ਦੋਸ਼ ਲਾਇਆ ਕਿ ਉਸ ਨੇ ਕਿਹਾ ਕਿ ਉਹ ਕਦੇ ਕਿਸੇ ਦੀ ਪਰਵਾਹ ਨਹੀਂ ਕਰਦਾ, ਭਾਵੇਂ ਉਹ ਨਰਿੰਦਰ ਮੋਦੀ ਹੋਵੇ ਜਾਂ ਅਭਿਸ਼ੇਕ ਬੈਨਰਜੀ। ਉਦੋਂ ਅਚਾਨਕ ਸੋਹਮ ਚੱਕਰਵਰਤੀ ਆਇਆ ਅਤੇ ਮੇਰੇ ਮੂੰਹ 'ਤੇ ਮੁੱਕਾ ਮਾਰਿਆ ਅਤੇ ਢਿੱਡ 'ਚ ਲੱਤ ਮਾਰ ਦਿੱਤੀ। ਦੱਸ ਦੇਈਏ ਕਿ ਸੋਹਮ ਚੱਕਰਵਰਤੀ ਨੇ ਰੈਸਟੋਰੈਂਟ ਮਾਲਕ ਨੂੰ ਥੱਪੜ ਮਾਰਨ ਦੀ ਗੱਲ ਕਬੂਲੀ ਹੈ। ਵਿਧਾਇਕ ਬਣੇ ਅਦਾਕਾਰ ਨੇ ਕਿਹਾ ਕਿ ਅਸੀਂ ਛੱਤ 'ਤੇ ਸ਼ੂਟਿੰਗ ਕਰ ਰਹੇ ਸੀ। ਉਸੇ ਸਮੇਂ ਮੈਂ ਚੀਕਣ ਦੀਆਂ ਆਵਾਜ਼ਾਂ ਸੁਣੀਆਂ। ਇਸ ਤੋਂ ਬਾਅਦ ਮੈਂ ਆਪਣੇ ਸੁਰੱਖਿਆ ਗਾਰਡ ਅਤੇ ਹੋਟਲ ਸਟਾਫ ਨੂੰ ਪੁਲਸ ਨਾਲ ਝਗੜਾ ਕਰਦੇ ਦੇਖਿਆ। ਮੈਂ ਹੈਰਾਨ ਸੀ ਕਿ ਪੁਲਸ ਵਾਲੇ ਕਿਸ ਤਰ੍ਹਾਂ ਦਾ ਸਲੂਕ ਕਰ ਰਹੇ ਹਨ। ਮੈਂ ਉਨ੍ਹਾਂ ਨੂੰ ਇਹ ਕਹਿੰਦੇ ਸੁਣਿਆ ਕਿ ਅਸੀਂ ਕਿਸੇ ਅਭਿਸ਼ੇਕ ਬੈਨਰਜੀ ਨੂੰ ਨਹੀਂ ਜਾਣਦੇ ਅਤੇ ਨਾ ਹੀ ਕਿਸੇ ਵਿਧਾਇਕ ਨੂੰ ਜਾਣਦੇ ਹਾਂ।

